ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ



ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800






VOL-11 ISSUE 1739 | 13 May, 2024 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਇਜ਼ਰਾਈਲ ਵੱਲੋਂ ਅਮਰੀਕੀ ਹਥਿਆਰਾਂ ਦੀ ਵਰਤੋਂ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ: ਅਮਰੀਕਾ

**ਕੈਲੀਫੋਰਨੀਆ ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਦੇ ਪ੍ਰਸ਼ਾਸਨ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਗਾਜ਼ਾ 'ਚ ਇਜ਼ਰਾਈਲ ਵੱਲੋਂ ਅਮਰੀਕਾ ਦੁਆਰਾ ਸਪਲਾਈ ਕੀਤੇ ਗਏ ਹਥਿਆਰਾਂ ਦੀ ਵਰਤੋਂ ਨਾਲ ਕੌਮਾਂਤਰੀ ਕਾਨੂੰਨ ਦੀ ਉਲੰਘਣਾ ਹੋ ਸਕਦੀ ਹੈ, ਪਰ ਜੰਗ ਜਾਰੀ ਰਹਿਣ ਕਾਰਨ ਅਮਰੀਕੀ ਅਧਿਕਾਰੀਆਂ ਕੋਲ ਅਜੇ ਤੱਕ ਇਸ ਦੇ ਪੂਰੇ ਸਬੂਤ ਨਹੀਂ ਹਨ।

ਅਮਰੀਕਾ ਦੇ ਸਹਿਯੋਗੀ ਨੇ ਗਾਜ਼ਾ ਵਿਚ ਜੰਗ ਛੇੜ ਕੇ ਕੌਮਾਂਤਰੀ ਕਾਨੂੰਨਾਂ ਦੀ ਉਲੰਘਣਾ ਕਰਨ ਦੇ 'ਵਾਜਬ' ਸਬੂਤਾਂ ਵਾਲੀ ਰਿਪੋਰਟ ਅਮਰੀਕੀ ਸੰਸਦ ਵਿਚ ਪੇਸ਼ ਕੀਤੀ ਜਾਣੀ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਇਜ਼ਰਾਈਲ ਖ਼ਿਲਾਫ਼ ਕੀਤੀ ਗਈ ਇਹ ਹੁਣ ਤੱਕ ਦੀ ਸਭ ਤੋਂ ਸਖ਼ਤ ਟਿੱਪਣੀ ਮੰਨੀ ਜਾ ਰਹੀ ਹੈ। ਹਮਾਸ ਦੇ ਖਿਲਾਫ ਲੜਾਈ ਨੂੰ ਸੱਤ ਮਹੀਨੇ ਹੋ ਗਏ ਹਨ ਅਤੇ ਬਾਇਡਨ ਪ੍ਰਸ਼ਾਸਨ ਦੁਆਰਾ ਇਹ ਆਪਣੀ ਕਿਸਮ ਦਾ ਪਹਿਲਾ ਮੁਲਾਂਕਣ ਹੈ। ਇਜ਼ਰਾਈਲ ਅਤੇ ਹਮਾਸ ਵਿਚਕਾਰ ਚੱਲ ਰਹੀ ਜੰਗ ਵਿਚ ਲਗਭਗ 35,000 ਫਲਸਤੀਨੀ ਮਾਰੇ ਗਏ ਹਨ, ਜਿਨ੍ਹਾਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ।

# ਹਰਦੀਪ ਸਿੰਘ ਨਿੱਝਰ ਕਤਲ ਮਾਮਲੇ ਵਿੱਚ ਇਕ ਹੋਰ ਭਾਰਤੀ ਨਾਗਰਿਕ ਗ੍ਰਿਫ਼ਤਾਰ


**ਓਟਾਵਾ ਸਾਂਝੀ ਸੋਚ ਬਿਊਰੋ**

ਕੈਨੇਡੀਅਨ ਅਧਿਕਾਰੀਆਂ ਨੇ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿਚ ਇਕ ਹੋਰ ਭਾਰਤੀ ਨਾਗਰਿਕ ਨੂੰ ਗ੍ਰਿਫਤਾਰ ਕੀਤਾ ਹੈ। ਇਸ ਨਾਲ ਇਸ ਮਾਮਲੇ 'ਚ ਹੁਣ ਤੱਕ ਗ੍ਰਿਫਤਾਰ ਕੀਤੇ ਗਏ ਭਾਰਤੀ ਨਾਗਰਿਕਾਂ ਦੀ ਗਿਣਤੀ ਚਾਰ ਹੋ ਗਈ ਹੈ। ਕੈਨੇਡਾ ਦੇ ਸਰੀ ਦੇ ਰਹਿਣ ਵਾਲੇ ਅਮਨਦੀਪ ਸਿੰਘ (22) 'ਤੇ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਲਾਏ ਗਏ ਹਨ।ਨਿੱਝਰ (45) ਦੀ 18 ਜੂਨ, 2023 ਨੂੰ ਬ੍ਰਿਟਿਸ਼ ਕੋਲੰਬੀਆ ਦੇ ਸਰੀ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰੇ ਦੇ ਬਾਹਰ ਹੱਤਿਆ ਕਰ ਦਿੱਤੀ ਗਈ ਸੀ। ਕੈਨੇਡੀਅਨ ਪੁਲਸ ਦੀ ਏਕੀਕ੍ਰਿਤ ਹੋਮੀਸਾਈਡ ਇਨਵੈਸਟੀਗੇਸ਼ਨ ਟੀਮ (ਆਈਐਚਆਈਟੀ) ਨੇ ਕਿਹਾ ਕਿ ਸਿੰਘ ਨੂੰ ਨਿੱਝਰ ਦੇ ਕਤਲ ਵਿੱਚ ਉਸਦੀ ਭੂਮਿਕਾ ਲਈ 11 ਮਈ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਇੱਕ ਅਧਿਕਾਰਤ ਰੀਲੀਜ਼ ਵਿੱਚ ਕਿਹਾ ਗਿਆ ਹੈ ਕਿ ਉਹ ਇੱਕ ਹੋਰ ਕੇਸ ਦੇ ਸਬੰਧ ਵਿੱਚ ਪੀਲ ਖੇਤਰੀ ਪੁਲਸ ਦੀ ਹਿਰਾਸਤ ਵਿੱਚ ਸੀ।

ਆਈ.ਐਚ.ਆਈ.ਟੀ. ਦੇ ਇੰਚਾਰਜ ਮਨਦੀਪ ਮੂਕਰ ਨੇ ਕਿਹਾ, "ਇਹ ਗ੍ਰਿਫਤਾਰੀ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਭੂਮਿਕਾ ਨਿਭਾਉਣ ਵਾਲਿਆਂ ਨੂੰ ਜਵਾਬਦੇਹ ਬਣਾਉਣ ਲਈ ਸਾਡੀ ਚੱਲ ਰਹੀ ਜਾਂਚ ਦੀ ਪ੍ਰਕਿਰਤੀ ਨੂੰ ਦਰਸਾਉਂਦੀ ਹੈ।" ਪੁਲਸ ਨੇ ਇਕ ਬਿਆਨ ਵਿਚ ਕਿਹਾ, ਆਈ.ਐਚ.ਆਈ.ਟੀ ਨੇ ਸਬੂਤ ਇਕੱਠੇ ਕੀਤੇ ਅਤੇ ਅਮਨਦੀਪ ਸਿੰਘ ਵਿਰੁੱਧ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ਾਂ ਦਾ ਸਮਰਥਨ ਕਰਨ ਲਈ ਲੋੜੀਂਦੀ ਜਾਣਕਾਰੀ ਪ੍ਰਾਪਤ ਕੀਤੀ।ਜਾਂਚਕਰਤਾਵਾਂ ਨੇ ਕਿਹਾ ਕਿ ਚੱਲ ਰਹੀ ਜਾਂਚ ਅਤੇ ਅਦਾਲਤੀ ਕਾਰਵਾਈ ਕਾਰਨ ਇਸ ਮਾਮਲੇ ਵਿੱਚ ਗ੍ਰਿਫਤਾਰੀ ਦਾ ਕੋਈ ਹੋਰ ਵੇਰਵਾ ਜਾਰੀ ਨਹੀਂ ਕੀਤਾ ਜਾ ਸਕਦਾ ਹੈ।

ਆਈ.ਐਚ.ਆਈ.ਟੀ ਦੇ ਜਾਂਚਕਰਤਾਵਾਂ ਨੇ ਇਸ ਮਾਮਲੇ ਵਿੱਚ 3 ਮਈ ਨੂੰ ਤਿੰਨ ਭਾਰਤੀ ਨਾਗਰਿਕਾਂ ਕਰਨ ਬਰਾੜ (22), ਕਮਲਪ੍ਰੀਤ ਸਿੰਘ (22) ਅਤੇ ਕਰਨਪ੍ਰੀਤ ਸਿੰਘ (28) ਨੂੰ ਗ੍ਰਿਫਤਾਰ ਕੀਤਾ ਸੀ। ਤਿੰਨੋਂ ਮੁਲਜ਼ਮ ਐਡਮਿੰਟਨ ਦੇ ਵਸਨੀਕ ਹਨ ਅਤੇ ਉਨ੍ਹਾਂ 'ਤੇ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਹਨ।ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਪਿਛਲੇ ਸਾਲ ਸਤੰਬਰ ਵਿੱਚ ਨਿੱਝਰ ਦੇ ਕਤਲ ਵਿੱਚ ਭਾਰਤੀ ਏਜੰਟਾਂ ਦੀ 'ਸੰਭਾਵੀ' ਸ਼ਮੂਲੀਅਤ ਦੇ ਦੋਸ਼ ਲਾਏ ਜਾਣ ਤੋਂ ਬਾਅਦ ਭਾਰਤ ਅਤੇ ਕੈਨੇਡਾ ਦੇ ਸਬੰਧਾਂ ਵਿੱਚ ਤਣਾਅ ਆ ਗਿਆ ਹੈ। ਭਾਰਤ ਨੇ ਟਰੂਡੋ ਦੇ ਦੋਸ਼ਾਂ ਨੂੰ ਬੇਤੁਕਾ ਅਤੇ ਪ੍ਰੇਰਿਤ ਦੱਸਦਿਆਂ ਰੱਦ ਕਰ ਦਿੱਤਾ ਹੈ। ਭਾਰਤ ਲੰਬੇ ਸਮੇਂ ਤੋਂ ਕੈਨੇਡਾ ਵਿੱਚ ਸਿੱਖ ਵੱਖਵਾਦੀ ਸਮੂਹਾਂ ਦੀ ਮੌਜੂਦਗੀ 'ਤੇ ਇਤਰਾਜ਼ ਕਰਦਾ ਆ ਰਿਹਾ ਹੈ।ਉਸ ਨੇ ਨਿੱਝਰ ਨੂੰ 'ਅੱਤਵਾਦੀ' ਕਰਾਰ ਦਿੱਤਾ ਸੀ। ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਕਿਹਾ ਹੈ ਕਿ ਖਾਲਿਸਤਾਨੀ ਵੱਖਵਾਦੀ ਤੱਤਾਂ ਨੂੰ ਸਿਆਸੀ ਸਰਪ੍ਰਸਤੀ ਦੇ ਕੇ ਕੈਨੇਡੀਅਨ ਸਰਕਾਰ ਇਹ ਸੰਦੇਸ਼ ਦੇ ਰਹੀ ਹੈ ਕਿ ਉਸ ਦਾ ਵੋਟ ਬੈਂਕ ਕਾਨੂੰਨ ਦੇ ਰਾਜ ਨਾਲੋਂ "ਜ਼ਿਆਦਾ ਸ਼ਕਤੀਸ਼ਾਲੀ" ਹੈ। ਜੈਸ਼ੰਕਰ ਨੇ ਵੀਰਵਾਰ ਨੂੰ 'ਪੀਟੀਆਈ' ਨੂੰ ਦਿੱਤੇ ਇੱਕ ਵਿਸ਼ੇਸ਼ ਇੰਟਰਵਿਊ ਵਿੱਚ ਕਿਹਾ ਸੀ ਕਿ ਭਾਰਤ ਪ੍ਰਗਟਾਵੇ ਦੀ ਆਜ਼ਾਦੀ ਦਾ ਸਨਮਾਨ ਕਰਦਾ ਹੈ ਅਤੇ ਉਸਦਾ ਪਾਲਣ ਕਰਦਾ ਹੈ।ਪਰ ਇਸ ਦਾ ਮਤਲਬ ਵਿਦੇਸ਼ੀ ਡਿਪਲੋਮੈਟਾਂ ਨੂੰ ਧਮਕਾਉਣ, ਵੱਖਵਾਦ ਦਾ ਸਮਰਥਨ ਕਰਨ ਜਾਂ ਹਿੰਸਾ ਦੀ ਵਕਾਲਤ ਕਰਨ ਵਾਲੇ ਤੱਤਾਂ ਨੂੰ ਸਿਆਸੀ ਸਰਪ੍ਰਸਤੀ ਦੇਣ ਦੀ ਆਜ਼ਾਦੀ ਨਹੀਂ ਹੈ। ਪੰਜਾਬ ਤੋਂ ਆਏ ਸਿੱਖ ਪ੍ਰਵਾਸੀਆਂ ਵਿੱਚ ਖਾਲਿਸਤਾਨ ਸਮਰਥਕਾਂ ਦਾ ਜ਼ਿਕਰ ਕਰਦਿਆਂ ਵਿਦੇਸ਼ ਮੰਤਰੀ ਨੇ ਇਸ ਗੱਲ 'ਤੇ ਹੈਰਾਨੀ ਵੀ ਪ੍ਰਗਟਾਈ ਕਿ ਕਿਵੇਂ ਸ਼ੱਕੀ ਪਿਛੋਕੜ ਵਾਲੇ ਲੋਕਾਂ ਨੂੰ ਕੈਨੇਡਾ ਵਿੱਚ ਦਾਖਲ ਹੋਣ ਅਤੇ ਰਹਿਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ।ਉਸਨੇ ਕਿਹਾ ਸੀ, "ਕਿਸੇ ਵੀ ਨਿਯਮ ਅਧਾਰਤ ਸਮਾਜ ਵਿੱਚ ਤੁਸੀਂ ਲੋਕਾਂ ਦੇ ਪਿਛੋਕੜ ਦੀ ਜਾਂਚ ਕਰੋਗੇ, ਉਹ ਕਿਵੇਂ ਆਏ, ਉਨ੍ਹਾਂ ਕੋਲ ਕਿਹੜਾ ਪਾਸਪੋਰਟ ਸੀ ਆਦਿ।" ਵਿਦੇਸ਼ ਮੰਤਰੀ ਨੇ ਕਿਹਾ ਸੀ, "ਜੇਕਰ ਤੁਹਾਡੇ ਕੋਲ ਅਜਿਹੇ ਲੋਕ ਹਨ ਜੋ ਸ਼ੱਕੀ ਦਸਤਾਵੇਜ਼ਾਂ ਦੇ ਆਧਾਰ 'ਤੇ ਹਨ, ਤਾਂ ਇਹ ਤੁਹਾਡੇ ਬਾਰੇ ਕੀ ਕਹਿੰਦਾ ਹੈ? ਇਹ ਅਸਲ ਵਿੱਚ ਇਹ ਕਹਿੰਦਾ ਹੈ ਕਿ ਤੁਹਾਡਾ ਵੋਟ ਬੈਂਕ ਤੁਹਾਡੇ ਕਾਨੂੰਨ ਦੇ ਰਾਜ ਤੋਂ ਜ਼ਿਆਦਾ ਸ਼ਕਤੀਸ਼ਾਲੀ ਹੈ।"

















Space availabe for Ad
Contact #
+1 (209) 303-1260







# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**



# NAV INDIAN MERCHANDISE GROCERY STORE

3230 MITCHELL ROAD, STE, C, CERES, CA 95307



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

ਇੱਕ ਵਾਰ Visit ਜ਼ਰੂਰ ਕਰੋ।







Ria MONEY TRANSFER

INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ

Contact Number

+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER

2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com

Visit at: www.sanjhisoch.com

# ਅਸਾਂ ਵੀ ਅੰਤ ਕਿਰ ਕੇ ਖ਼ਾਦ ਹੋਣਾ ਵਾਲਾ ਕਵੀ ਸੱਚਮੁਚ ਖਾਦ ਹੋ ਗਿਆ

ਏਨਾ ਸੱਚ ਨਾ ਬੋਲ ਕਿ 'ਕੱਲ੍ਹਾ ਰਹਿ ਜਾਵੇਂ'! ਚਾਰ ਕੁ ਬੰਦੇ ਛੱਡ ਲੈ ਮੋਢਾ ਸੱਤਰਾਂ ਲਿਖਣ ਵਾਲਾ ਅਮੀਰ ਸਾਹਿਤਕ ਸਮਕਾਲੀ ਪੰਜਾਬੀ ਕਵੀ ਜਿਹਨਾਂ ਦੀਆਂ ਕਵਿਤਾਵਾਂ ਸਮਾਜਿਕ, ਰਾਜਨੀਤਿਕ ਅਤੇ ਸੱਭਿਆਚਾਰਕ ਯਥਾਰਥ ਨੂੰ ਦਰਸਾਉਂਦੀਆਂ ਹਨ ਜੋ ਅਕਸਰ ਆਮ ਲੋਕਾਂ ਦੇ ਸੰਘਰਸ਼ਾਂ 'ਤੇ ਕੇਂਦਰਿਤ ਰਹੀਆਂ ਸੁਰਜੀਤ ਪਾਤਰ ਅੱਜ ਸਾਡੇ ਵਿਚ ਨਹੀਂ ਰਹੇ, ਪਰ ਉਹਨਾਂ ਦੀਆਂ ਇਹ ਸਤਰਾਂ ਉਹਨਾਂ ਦੇ ਸੱਚ ਬੋਲਣ ਤੋਂ ਬਾਅਦ ਵੀ ਲੱਖਾ ਸਾਹਿਤਕ ਪ੍ਰੇਮੀ ਹਨ ਜੋ ਉਹਨਾਂ ਦੀ ਸੱਚੀ ਤੇ ਸੁਚੀ ਦੇਹ ਨੂੰ ਮੋਢਾ ਦੇਣ ਲਈ ਤਿਆਰ ਹੋਣਗੇ।

ਕਿਸੇ ਵੀ ਭਾਸ਼ਾ ਨਾਲ ਸੰਬੰਧਤ ਕੋਈ ਵੀ ਕਵੀ ਤੇ ਸਾਹਿਤਕਾਰ ਉਸ ਭਾਸ਼ਾ ਨੂੰ ਪੜਨ ਵਾਲਿਆਂ ਤੇ ਉਸ ਖੇਤਰ ਦਾ ਇੱਕ ਵੱਡਮੁਲਾ ਸਰਮਾਇਆ ਹੋਇਆ ਕਰਦਾ ਹੈ। ਇਸ ਤਰ੍ਹਾਂ ਕਿਸੇ ਵੀ ਸਾਹਿਤਕ ਸ਼ਖਸੀਅਤ ਦਾ ਅਚਾਨਕ ਵਿਛੋੜਾ ਦੇ ਜਾਣਾ ਯਕੀਨਨ ਸਾਹਿਤ ਪ੍ਰੇਮੀਆਂ ਲਈ ਇੱਕ ਕਦੇ ਨਾ ਪੂਰਿਆ ਜਾਣ ਵਾਲਾ ਘਾਟਾ ਸਾਬਿਤ ਹੁੰਦਾ ਹੈ।

ਮੇਰੇ 1970 ਦੇ ਜਨਮ ਤੋਂ 10 ਸਾਲ ਪਹਿਲਾਂ ਉਹ ਇਕ ਮਕਬੂਲ ਕਵੀ ਸਨ, ਪਰ ਉਹਨਾਂ ਦੀਆਂ ਕਵਿਤਾਵਾਂ ਨੂੰ ਮੈਂ ਬਹੁਤ ਨੇੜੇ ਤੋਂ ਪੜਿਆ ਹੈ। ਉਹਨਾਂ ਤੋਂ ਪਹਿਲਾਂ ਪੰਜਾਬ ਦੇ ਇੱਕ ਅਮੀਰ ਸਾਹਿਤਕ ਅਮੀਰ ਵਿਰਸੇ ਸੱਭਿਆਚਾਰ ਵਿਚ ਬਹੁਤ ਸਾਰੇ ਨਾਮਵਰ ਕਵੀ ਹੋਏ ਹਨ ਜਿਨ੍ਹਾਂ ਨੇ ਪੰਜਾਬੀ ਸਾਹਿਤ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇੱਥੇ ਕੁਝ ਪ੍ਰਸਿੱਧ ਪੰਜਾਬੀ ਕਵੀ ਹਨ: 19ਵੀਂ ਸਦੀ ਤੋਂ ਪਹਿਲਾਂ (ਬਾਬਾ ਫਰੀਦ, ਬਾਬਾ ਬੁੱਲ੍ਹੇ ਸ਼ਾਹ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਸਾਹ ਹੁਸੈਨ, ਵਾਰਿਸ਼ ਸ਼ਾਹ, ਕਾਦਰਯਾਰ, ਪੀਲੂ, ਹਾਸ਼ਮ ਸ਼ਾਹ ਹੋਏ ਹਨ।

19ਵੀਂ ਤੋਂ 20ਵੀਂ ਸਦੀ ਬਾਬੂ ਰਜਬ ਅਲੀ, ਪੂਰਨ ਸਿੰਘ, ਸ਼ਾਹ ਮੁਹੰਮਦ, ਡਾ: ਦੀਵਾਨ ਸਿੰਘ ਕਾਲੇਪਾਣੀ, ਭਾਈ ਵੀਰ ਸਿੰਘ, ਅੰਮ੍ਰਿਤਾ ਪ੍ਰੀਤਮ, ਫ਼ਿਰੋਜ਼ਦੀਨ ਸ਼ਰਫ਼, ਧਨੀ ਰਾਮ ਚਾਤ੍ਰਿਕ, ਪ੍ਰੋ. ਮੋਹਨ ਸਿੰਘ, ਚਰਨ ਸਿੰਘ ਸ਼ਹੀਦ ਤੇ ਫਿਰ 20ਵੀਂ ਤੋਂ 21ਵੀਂ ਸਦੀ ਦੇ ਮੱਧ ਸ਼ਿਵ ਕੁਮਾਰ ਬਟਾਲਵੀ, ਅਵਤਾਰ ਸੰਧੂ ਉਰਫ਼ ਪਾਸ਼, ਸੁਰਜੀਤ ਪਾਤਰ, ਸੁਖਵਿੰਦਰ ਅੰਮ੍ਰਿਤ, ਚਮਨ ਲਾਲ, ਜਸਵੰਤ ਜਾਫ਼ਰ, ਐੱਸ.ਐੱਸ. ਮੀਸ਼ਾ, ਗੁਰਮੁਖ ਸਿੰਘ ਮੁਸਾਫਿਰ, ਵਿਦਾਤਾ ਸਿੰਘ ਤੀਰ ਆਦਿ ਹੋਏ ਹਨ ।

ਮੇਰੇ ਨਿੱਜੀ ਮਨਪਸੰਦ: ਸ਼ਿਵ ਕੁਮਾਰ ਬਟਾਲਵੀ, ਅਵਤਾਰ ਸੰਧੂ ਉਰਫ਼ ਪਾਸ਼, ਅੰਮ੍ਰਿਤਾ ਪ੍ਰੀਤਮ, ਸੁਰਜੀਤ ਪਾਤਰ ਅਤੇ ਬਾਬਾ ਬੁੱਲ੍ਹੇ ਸ਼ਾਹ ਹੋਏ ਹਨ।

ਅੱਜ ਪੰਜਾਬੀ ਕਾਵਿ ਦੀ ਪ੍ਰਮੁੱਖ ਵਿਧਾ ਬਣ ਚੁੱਕੀ ਹੈ ਅਤੇ ਬਹੁਤ ਸਾਰੇ ਕਵੀ ਆਪਣਿਆਂ ਕਵਿਤਾਵਾਂ ਰਾਹੀਂ ਦਿਲਕਸ਼, ਖ਼ੂਬਸੂਰਤ ਅਤੇ ਬਾ-ਕਮਾਲ ਸ਼ਾਇਰੀ ਦੀ ਰਚਨਾ ਕਰ ਰਹੇ ਹਨ। ਪਰ ਕੋਈ ਸਮਾਂ ਸੀ ਜਦੋਂ ਉਰਦੂ ਦੇ ਵਿਦਵਾਨ ਪੰਜਾਬੀ ਨੂੰ ਗੰਵਾਰਾਂ ਦੀ ਭਾਸ਼ਾ ਆਖਦੇ ਸਨ ਅਤੇ ਦਾਅਵਾ ਕਰਦੇ ਸਨ ਕਿ ਪੰਜਾਬੀ ਵਿਚ ਕਵਿਤਾ- ਗ਼ਜ਼ਲ ਲਿਖੀ ਹੀ ਨਹੀਂ ਜਾ ਸਕਦੀ। ਉਰਦੂ ਵਿਦਵਾਨਾਂ ਤੋਂ ਇਲਾਵਾ ਬਹੁਤ ਸਾਰੇ ਪੰਜਾਬੀ ਵਿਦਵਾਨਾਂ ਦਾ ਵੀ ਵਿਚਾਰ ਸੀ ਕਿ ਗ਼ਜ਼ਲ ਉਰਦੂ ਭਾਸ਼ਾ ਦੀ ਸਿਨਫ਼ ਹੈ, ਅਰਬੀ ਚੋਂ ਆਈ ਹੈ ਅਤੇ ਇਹ ਪੰਜਾਬੀ ਭਾਸ਼ਾ ਨਾਲ ਮੇਲ ਨਹੀਂ ਖਾ ਸਕਦੀ। ਇਸ ਮੁਕਾਬਲੇ ਨੂੰ ਕਬੂਲ ਕਰਨ ਅਤੇ ਪੰਜਾਬੀ ਵਿਚ ਕਵਿਤਾ- ਗ਼ਜ਼ਲ ਦੀ ਰਚਨਾ ਕਰਨ ਲਈ ਫਿਰ ਕਈ ਪੰਜਾਬੀ ਸ਼ਾਇਰ ਮੈਦਾਨ ਵਿਚ ਆਏ। ਉਨ੍ਹਾਂ ਵਿੱਚੋਂ ਉਸਤਾਦ ਦੀਪਕ ਜੈਤੋਈ, ਸਾਧੂ ਸਿੰਘ ਹਮਦਰਦ, ਉਲਫਤ ਬਾਜਵਾ ਤੇ ਸੁਰਜੀਤ ਪਾਤਰ ਇਕ ਸਨ, ਜਿਹਨਾਂ ਨੇ ਆਪਣੇ

ਸਾਂਝੀ ਸੋਚ
Surjit Singh Flora
6 Havelock Drive
Brampton, Canada
647-829-9397



"ਮੇਰਾ ਬੱਚਾ ਅੰਗਰੇਜ਼ੀ ਬੋਲੇਗਾ ਤਾਂ ਇਹ ਉਸ ਦੀ ਇੱਕ ਪਛਾਣ ਹੋ ਜਾਵੇਗੀ। ਆਪਣੀ ਰੂਹ ਦੇ ਨੰਗੇਜ਼ ਹੋਣ ਦੀ ਥਾਂ ਭਾਸ਼ਾ ਸਾਡੇ ਜਿਸਮਾਂ ਦਾ ਪਹਿਰਾਵਾ ਬਣ ਗਈ ਹੈ। ਦੂਸਰੀ ਗੱਲ ਇਹ ਕਿ ਭਾਸ਼ਾ ਦਾ ਅਸੀਂ ਰਿਜ਼ਕ ਨਾਲ ਅਤੇ ਆਰਥਿਕਤਾ ਨਾਲ ਬਹੁਤ ਗਹਿਰਾ ਰਿਸ਼ਤਾ ਸਮਝਦੇ ਹਾਂ, ਤੇ ਇਸ ਤਰ੍ਹਾਂ ਹੁੰਦਾ ਵੀ ਹੈ। ਇਸ ਤੋਂ ਵੱਡੀ ਗੱਲ ਇਹ ਹੈ ਕਿ ਸਾਡਾ ਆਪਣੀ ਧਰਤੀ ਤੇ ਮਾਂ ਬੋਲੀ ਨਾਲ ਕਿਸ ਤਰ੍ਹਾਂ ਦਾ ਰਿਸ਼ਤਾ ਹੈ। ਮਾਵਾਂ ਸਾਰਿਆਂ ਦੀਆਂ ਸੋਹਣੀਆਂ ਹੁੰਦੀਆਂ ਹਨ ਪਰ ਅਸੀਂ ਕਿਸੇ ਨਾਲ ਆਪਣੀ ਮਾਂ ਤਾਂ ਨਹੀਂ ਵਟਾ ਸਕਦੇ।



ਜੀਵਨ ਦੇ ਹਰ ਪਲ ਮਾਂ ਬੋਲੀ ਪੰਜਾਬੀ ਦਾ ਕਾਵਿਕ-ਚਿਹਰਾ ਮੋਹਰਾ ਸੰਵਾਰਨ ਅਤੇ ਪੰਜਾਬੀ ਭਾਸ਼ਾ ਨੂੰ ਦੂਜੀਆਂ ਭਾਸ਼ਾਵਾਂ ਦੇ ਹਾਣ ਦੀ ਬਣਾਉਣ ਹਿਤ ਸਮਰਪਿਤ ਕੀਤੇ।

ਪੰਜਾਬੀ ਗ਼ਜ਼ਲ ਜੋ ਪਿਛਲੇ ਲੰਮੇ ਅਰਸੇ ਤੋਂ ਉਰਦੂ ਪ੍ਰਭਾਵ ਹੇਠ ਦੱਬੀ ਹੋਈ ਅਨੁਭਵ ਹੁੰਦੀ ਸੀ ਸੁਰਜੀਤ ਪਾਤਰ ਜੀ ਨੇ ਉਸ ਨੂੰ ਉਰਦੂ ਦੇ ਪ੍ਰਭਾਵ ਤੋਂ ਮੁਕਤ ਕਰਵਾ ਕੇ ਇਕ ਆਧੁਨਿਕ ਤੇ ਪੰਜਾਬੀ ਰੰਗ ਵਾਲੀ ਪਛਾਣ ਦੁਆਉਣ ਦੀ ਜੋ ਭਰਪੂਰ ਕੋਸ਼ਿਸ਼ ਕੀਤੀ ਹੈ ਯਕੀਨਨ ਮੈਂ ਸਮਝਦਾ ਹਾਂ ਕਿ ਇਸ ਦਾ ਸਿਹਰਾ ਸਿਰਫ਼ ਪਾਤਰ ਸਹਿਬ ਦੀ ਕਲਮ, ਸੋਚ, ਤੇ ਆਸ਼ਾਬੰਦੀ ਨੂੰ ਹੀ ਜਾਂਦਾ ਹੈ।

ਪੰਜਾਬੀ ਬੋਲੀ ਬਾਰੇ ਉਹ ਖਾਸ ਚਿੰਤਤ ਸਨ, ਉਨ੍ਹਾਂ ਨੇ ਆਪਣੇ ਦਰਦ ਨੂੰ ਇਸ ਤਰ੍ਹਾਂ ਬਿਆਨ ਕੀਤਾ, ਮਰ ਰਹੀ ਹੈ ਮੇਰੀ ਭਾਸ਼ਾ ਸ਼ਬਦ-ਸ਼ਬਦ ਵਾਕ-ਵਾਕ!"

ਇਥੋ ਤੱਕ ਕਿ ਉਨ੍ਹਾਂ ਨੇ ਬੀਬੀਸੀ ਨਾਲ ਗੱਲਬਾਤ ਦੌਰਾਨ ਇਸ ਬਾਰੇ ਕਿਹਾ- ਇਹ ਸਿਰਫ਼ ਬੋਲੀ ਦੇ ਮਰਨ ਦੀ ਗੱਲ ਨਹੀਂ ਇਹ ਬੰਦੇ ਦੇ ਅੰਦਰਲੇ ਜ਼ਮੀਰ ਦੇ ਮਰਨ ਦੀ ਨਿਸ਼ਾਨੀ ਹੈ।

ਸੁਰਜੀਤ ਪਾਤਰ ਜੀ ਦਾ ਜਨਮ ਜਨਵਰੀ 1, 1945 ਇੱਕ ਪੰਜਾਬੀ ਕਵੀ, ਲੇਖਕ ਦਾ ਜਨਮ ਪਿੰਡ ਪੱਤੜ ਕਲਾਂ ਜ਼ਿਲ੍ਹਾ ਜਲੰਧਰ ਵਿੱਚ ਗੁਰਬਖਸ਼ ਕੌਰ ਅਤੇ ਹਰਭਜਨ ਸਿੰਘ ਦੇ ਘਰ ਹੋਇਆ। ਉਸ ਦਾ ਵਿਆਹ ਭੁਪਿੰਦਰ ਕੌਰ ਨਾਲ ਹੋਇਆ ਹੈ।

ਉਹਨਾਂ ਨੇ ਰਣਧੀਰ ਕਾਲਜ, ਕਪੂਰਥਲਾ ਤੋਂ ਗ੍ਰੈਜੂਏਸ਼ਨ ਕੀਤੀ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਮਾਸਟਰਜ਼ ਕੀਤੀ।

ਉਹਨਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ 'ਗੁਰੂ ਨਾਨਕ ਵਾਣੀ ਵਿੱਚ ਲੋਕਧਾਰਾ ਦੇ ਪਰਿਵਰਤਨ' ਉੱਤੇ ਖੋਜ ਲਈ ਪੀਐਚ.ਡੀ.।

ਉਹਨਾਂ ਨੇ ਆਪਣਾ ਕੈਰੀਅਰ ਇੱਕ ਐਸੋਸੀਏਟ ਪ੍ਰੋਫੈਸਰ ਵਜੋਂ ਸ਼ੁਰੂ ਕੀਤਾ। ਉਹ ਪੰਜਾਬ ਐਗਰੀਕਲਚਰ ਯੂਨੀਵਰਸਿਟੀ, ਲੁਧਿਆਣਾ ਵਿੱਚ ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਪ੍ਰੋਫੈਸਰ ਵਜੋਂ ਸੇਵਾਮੁਕਤ ਹੋਏ। ਉਹ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਰਹਿ ਚੁੱਕੇ ਸਨ। ਹੁਣ ਉਹ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੀ ਚੇਅਰਪਰਸਨ ਰਹੇ।

ਉਹਨਾਂ ਨੂੰ 1980 ਵਿੱਚ ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਦੁਆਰਾ ਸਨਮਾਨਿਤ ਕੀਤਾ ਗਿਆ ਸੀ। ਫਿਰ 1980 ਵਿੱਚ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਵੱਲੋਂ 'ਹਵਾ ਵਿਚਾਰੇ ਹਰਫ਼' ਲਈ 'ਗਿਆਨੀ ਗੁਰਮੁਖ ਸਿੰਘ ਮੁਸਾਫਿਰ ਕਾਵਿ ਪੁਰਸਕਾਰ' ਮਿਲਿਆ, 1985 ਵਿੱਚ ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਦੁਆਰਾ 'ਕਰਤਾਰ ਸਿੰਘ ਧਾਲੀਵਾਲ' ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ। ਉਸਨੂੰ ਭਾਰਤੀ ਸਾਹਿਤ ਅਕਾਦਮੀ, ਨਵੀਂ ਦਿੱਲੀ ਦੁਆਰਾ 1993 ਵਿੱਚ 'ਹਨੇਰੇ ਵਿੱਚ ਸੁਲਗਦੀ ਵਰਨਮਾਲਾ' ਲਈ ਵੀ ਸਨਮਾਨਿਤ ਕੀਤਾ ਗਿਆ, ਫਿਰ 1995 ਵਿੱਚ ਪੰਜਾਬੀ ਅਕਾਦਮੀ, ਦਿੱਲੀ ਵੱਲੋਂ 'ਪਿਛਲੇ ਢਾਕੇ ਦਾ ਪੰਜਾਬੀ ਸ਼ਾਇਰ' ਵੀ ਪ੍ਰਦਾਨ ਕੀਤਾ ਗਿਆ। 1997 ਵਿੱਚ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਵੱਲੋਂ 'ਸ਼੍ਰੋਮਣੀ ਪੰਜਾਬੀ ਕਵੀ' ਪੁਰਸਕਾਰ ਤੋਂ ਇਲਾਵਾ ਵੱਖ-ਵੱਖ ਸੱਭਿਆਚਾਰਕ ਅਤੇ ਸਾਹਿਤਕ ਮੰਚਾਂ ਵੱਲੋਂ ਹੋਰ ਵੀ ਕਈ ਪੁਰਸਕਾਰ ਮਿਲੇ।

ਸੁਰਜੀਤ ਪਾਤਰ ਦਾ ਜੀਵਨ ਕਾਲ ਲਗਭਗ ਅੱਠ ਦਹਾਕਿਆਂ ਵਿੱਚ ਫੈਲਿਆ ਹੋਇਆ ਸੀ। ਆਪਣੇ ਜੀਵਨ ਦੌਰਾਨ ਉਨ੍ਹਾਂ ਨੇ ਪੰਜਾਬ ਨੂੰ ਵੱਖ-ਵੱਖ ਮਰਹਲਿਆਂ ਵਿੱਚੋਂ ਗੁਜ਼ਰਦੇ ਦੇਖਿਆ ਅਤੇ ਆਪਣੇ ਅਨੁਭਵ ਦੀ ਕਾਵਿਕ ਪੇਸ਼ਕਾਰੀ ਕੀਤੀ।

ਉਨ੍ਹਾਂ ਦੀਆਂ ਪ੍ਰਸਿੱਧ ਪ੍ਰਕਾਸ਼ਨਾਵਾਂ ਵਿੱਚ- ਹਵਾ ਵਿੱਚ ਲਿਖੇ ਹਰਫ਼, ਬਿਰਖ ਅਰਜ਼ ਕਰੇ, ਹਨ੍ਹੇਰੇ ਵਿੱਚ ਸੁਲਗਦੀ ਵਰਣਮਾਲਾ, ਲਫ਼ਜ਼ਾਂ ਦੀ ਦਰਗਾਹ, ਪੱਤਝੜ ਦੀ ਪਾਂਜੇਬ, ਸੁਰਜ਼ਮੀਨ, ਚੰਨ ਸੂਰਜ ਦੀ ਵਹਿੰਗੀ, ਹਾਏ ਮੇਰੀ ਕੁਰਸੀ ਹਾਏ ਮੇਰਾ ਮੇਜ਼, ਸੂਰਜ ਮੰਦਰ ਦੀਆਂ ਪੌੜੀਆਂ, ਅੱਗ ਦੇ ਕਲੀਰੇ, ਸਈਓ ਨੀ ਮੈਂ ਅੰਤ ਹੀਣ ਤਰਕਾਲਾਂ, ਸ਼ਹਿਰ ਮੇਰੇ ਦੀ ਪਾਗਲ ਔਰਤ, ਇੱਛਾਧਾਰੀ ਅਤੇ ਯੂਨਾਨ ਦੀ ਲੂਣਾ ਸ਼ਾਮਲ ਹਨ।

ਉਨ੍ਹਾਂ ਦੀਆਂ ਕਵਿਤਾਵਾਂ ਵਿੱਚ ਮਾਂ ਬੋਲੀ ਦੇ ਨਿਘਾਰ ਦਾ ਫਿਕਰ, ਪੰਜਾਬ ਵਿੱਚ ਹਥਿਆਰਬੰਦ ਸੰਘਰਸ਼ ਦੇ ਦੁਖਾਂਤ, ਨਾਗਰਿਕਤਾ ਸੋਧ ਕਾਨੂੰਨ ਅਤੇ ਕਿਸਾਨੀ ਸੰਘਰਸ਼ ਵਰਗੇ ਵਿਸ਼ੇ ਮਿਲ ਜਾਂਦੇ ਹਨ।

ਕਿਸਾਨ ਅੰਦੋਲਨ ਦੌਰਾਨ ਤਿੰਨ ਖੇਤੀ ਕਾਨੂੰਨਾ ਦੇ ਵਿਰੋਧ ਵਿੱਚ ਉਨ੍ਹਾਂ ਨੇ ਆਪਣਾ ਪਦਮਸ਼੍ਰੀ ਦਾ ਸਨਮਾਨ ਵੀ ਵਾਪਸ ਕਰ ਦਿੱਤਾ ਸੀ।

ਉਨ੍ਹਾਂ ਦੀ ਇੱਕ ਗਜ਼ਲ ਅੱਜ ਉਨ੍ਹਾਂ ਦੇ ਵਿਛੋੜੇ ਉੱਤੇ ਪੂਰੀ ਤਰ੍ਹਾਂ ਢੁਕਦੀ ਹੈ-

ਅਸਾਂ ਵੀ ਅੰਤ ਕਿਰ ਕੇ ਖ਼ਾਦ ਹੋਣਾ
ਕਦੀ ਸਾਂ ਫੁੱਲ ਇਹ ਕਿਸ ਨੂੰ ਯਾਦ ਹੋਣਾ।

ਪਰ ਅਫਸੋਸ ਉਹ ਹਮੇਸ਼ਾ ਆਪਣੀਆਂ ਰਰਚਨਾਵਾਂ ਰਾਂਹੀ ਸਦਾ ਯਾਦ ਰਹਿਣਗੇ।

ARES REALTY
Residential | Commercial | Investment

# Thinking
Of Selling Or
# Buying A Home ?



## ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

**Residential | Commercial | Industrial | Raw land**

**ਜਿਵੇਂ :Farm House ,Liquor Stores ,Gas Stations**
**ਹਰ ਤਰ੍ਹਾਂ ਦੇ Apartments, Buildings Car Wash,**
**Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼**

**ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY**

**Broker | Realtor | Mortgage Loan Originator : Tony Singh : (916) 519-7009** License ID: 01901843

| REALTOR | Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|---|
| | (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| | License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

**OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756**

## TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

**ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ**

**Without Any Money Out Of Your Pocket**

**ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ**

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : **Tony Singh : (916) 519-7009** Loan Contractor
License ID: 01901843


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337- 513- 3544 1651 FAIRVIEW DR. CERES. CA 95307
MAHABIR SINGH
JOBANPREET SINGH

# ਡਾਕਟਰ ਮਮਤਾ ਜੋਸ਼ੀ ਦੀ ਸੂਫ਼ੀ ਨਾਇਟ ਮਾਂ ਦਿਵਸ ਨੂੰ ਸਮਰਪਿਤ ਰਹੀ

## ਸੁਰਜੀਤ ਪਾਤਰ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦੀ ਮਮਤਾ ਭਾਵੁਕ ਹੋਈ












**ਵਰਜੀਨੀਆ ਸੁਰਿੰਦਰ ਗਿੱਲ**

ਭਾਵੇਂ ਮਾਂ ਦਿਵਸ ਕਰਕੇ ਪ੍ਰੀਵਾਰ ਅਪਨੇ ਅਪਨੇ ਪ੍ਰੋਗਰਾਮਾਂ ਵਿੱਚ ਵਿਅਸਤ ਸਨ। ਪਰ ਪੰਜਾਬੀ ਮਾਂ ਬੋਲੀ ਨੂੰ ਪਿਆਰ ਕਰਨ ਵਾਲਿਆਂ ਨੇ ਅਪਨੀ ਹਾਜ਼ਰੀ ਲਗਵਾਈ। ਜੋ ਸੂਫ਼ੀ ਗਾਇਕੋ ਨੂੰ ਚਾਰ ਚੰਨ ਲਾ ਗਈ।ਪ੍ਰੋਗਰਾਮ ਦੀ ਸ਼ੁਰੂਆਤ ਬਲਵਿੰਦਰ ਸਿੰਘ ਬਾਜਵਾ ਨੇ ਜੀ ਆਇਆ ਦੇ ਨਾਲ ਨਾਲ ਸੁਰਜੀਤ ਪਾਤਰ ਮਹਾਨ ਲੇਖਕ,ਕਵੀ ਤੇ ਲਫ਼ਜ਼ਾਂ ਦੇ ਬਾਦਸ਼ਾਹ ਨੂੰ ਸਮਰਪਿਤ ਕਰਦੇ,ਸਾਹਿਤਕ ਯੁੱਗ ਦਾ ਅੰਤ ਦੱਸਿਆ । ਉਹਨਾ ਕਿਹਾ ਉਹਨਾਂ ਦੀਆਂ ਲਿਖਤਾਂ ਹਮੇਸ਼ਾ ਪਾਤਰ ਦੀ ਯਾਦ ਦਿਵਾਉਂਦੀਆਂ ਰਹਿਣਗੀਆ।

ਜਿਵੇਂ ਹ ਮਮਤਾ ਜੋਸ਼ੀ ਗਾਇਕਾ ਨੂੰ ਸਟੇਜ ਤੇ ਸੱਦਾ ਦਿੱਤਾ ,ਹਾਲ ਤਾੜੀਆਂ ਨਾਲ ਗੂੰਜ ਉੱਠਿਆ। ਗਾਇਕਾ ਨੇ ਸੁਰਜੀਤ ਪਾਤਰ ਨੂੰ ਸਮਰਪਿਤ ਹੁੰਦੇ ਪਾਤਰ ਸਾਹਿਬ ਦੀਆਂ ਲਿਖੀਆਂ ਲਾਈਨਾਂ " ਮੈਂ ਰਾਹਾਂ ਤੇ ਨਹੀ ਤੁਰਦਾ,ਮੈਂ ਤੁਰਦਾ ਹੱਥਾਂ ਤੇ ਰਾਹ ਬਣਦੇ " ਗਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਪਰੰਤ ਬਿਰਹਾਂ ਦੇ ਸੁਲਤਾਨ ਸ਼ਿਵ ਦੀ ਵੀ ਹਾਜ਼ਰੀ "ਮਾਰੇ ਨੀ ਮਾਰੇ , ਮੇਰੇ ਗੀਤਾਂ ਦੇ ਨੈਣਾ ਵਿੱਚੋਂ ਬਿਰਹੋਂ ਦੀ ਰੜਕ ਪਵੇ" ਸੁਣਾ ਕੇ ਲਗਵਾਈ।

ਫਿਰ ਮਹਿਫ਼ਲ ਨੂੰ ਸੂਫ਼ੀ ਰੰਗ ਵਿੱਚ ਅਜਿਹਾ ਰੰਗਿਆ ਜੋ ਬੁੱਲੇ ਸ਼ਾਹ,ਸ਼ਾਹ ਹੁਸੈਣ ਤੇ ਹੋਰ ਸੂਫ਼ੀ ਕਵੀਆਂ ਤੇ ਗੀਤਕਾਰਾਂ ਨੂੰ ਅਪਨੇ ਮੁਖਾਰਬਿੰਦ ਗਾ ਕੇ ਨੱਚਣ ਲੱਗਾ ਦਿੱਤਾ।

ਅੱਜ ਦੀ ਸੂਫ਼ੀ ਰਾਤ ਮਾਂ ਦਿਵਸ ਨੂੰ ਸਮਰਪਿਤ ਵੱਖਰਾ ਹੀ ਨਜ਼ਾਰਾ ਲੁਟਾ ਗਈ। ਜੋ ਹਾਜ਼ਰੀਨ ਲਈ ਵਿਲਖਣ ਤੇ ਮੰਨੋਰੰਜਨ ਬਣਕੇ ਰਹਿ ਗਈ। ਮਹਿਤਾਬ ਸਿੰਘ ਕਾਹਲੋ ਤੇ ਸੰਨੀ ਮੱਲੀ ਵੱਲੋਂ ਸਜਾਈ ਮਹਿਫਲ ਹਾਜ਼ਰੀਨ ਨੂੰ ਰੂਹ ਦੀ ਖੁਰਾਕ ਵੰਡ ਗਈ।

ਸਿਖਸ ਆਫ਼ ਡੀ ਐਮ ਵੀ ਦੀ ਟੀਮ ਤੇ ਅੰਤਰ-ਰਾਸ਼ਟਰੀ ਫੋਰਮ ਵੱਲੋਂ ਡਾਕਟਰ ਮਮਤਾ ਜੋਸ਼ੀ ਗਾਇਕਾ ਨੂੰ ਸਾਈਟੇਸ਼ਨਾ ਨਾਲ ਸਨਮਾਨਿਤ ਕੀਤਾ।

ਸੁਰਜੀਤ ਪਾਤਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਬਲਵਿੰਦਰ ਸਿੰਘ ਬਾਜਵਾ ਨੇ ਪਾਤਰ ਦੇ ਸ਼ੇਅਰਾਂ ਨਾਲ ਨਿਵਾਜਿਆ,ਮਹਿਤਾਬ ਕਾਹਲੋ ਨੇ ਕਿਹਾ ਕਿ ਉਹ ਸਾਡੇ ਚਾਚੇ ਦੇ ਰੂਪ ਵਿੱਚ ਵਿਚਰਦੇ ਸਨ। ਸਾਨੂੰ ਮਾਣ ਹੈ ਕਿ ਅਸੀ ਉਹਨਾ ਦਾ ਸਨਮਾਨ ਰੀਅਲ ਗੋਲਡ ਨਾਲ ਕੀਤਾ ਜੋ ਪੰਜਾਬੀ ਕਲੱਬ ਮੈਰੀਲੈਂਡ ਤੇ ਯੂਨਾਇਟਿਡ ਪੰਜਾਬੀ ਨੇ ਵਸ਼ਿਗਟਨ ਡੀ ਸੀ ਅਮਰੀਕਾ ਵੁਚ ਕੀਤਾ ਗਿਆ ਜੋ ਪਾਤਰ ਸਾਹਿਬ ਨੇ ਅਪਨੇ ਘਰ ਸਜਾ ਕੇ ਰੱਖਿਆ ਹੈ। ਇਹ ਸਾਡੇ ਲਈ ਮਾਣ ਵਾਲੀ ਗੱਲ ਹੈ। ਡਾਕਟਰ ਸੁਰਿੰਦਰ ਸਿੰਘ ਗਿੱਲ ਕੋ ਚੇਅਰ ਅੰਤਰ-ਰਾਸ਼ਟਰੀ ਫੋਰਮ ਯੂ ਐਸ ਏ ਨੇ ਕਿਹਾ ਕਿ ਸੁਰਜੀਤ ਪਾਤਰ ਲਫ਼ਜ਼ਾਂ ਦੇ ਬਾਦਸ਼ਾਹ ਹਨ ਤੇ ਰਹਿਣਗੇ । ਜਿੰਨਾ ਨੂੰ ਉਹਨਾਂ ਦੀਆਂ ਲਿਖਤਾਂ ਸਦਕਾ ਰਹਿੰਦੀ ਦੁਨੀਆ ਤਕ ਜੀਵਤ ਰੱਖਿਆ ਜਾਵੇਗਾ।

ਅਮਰਜੀਤ ਸਿੰਘ ਸੰਧੂ ਪ੍ਰਧਾਨ ,ਹਰਪ੍ਰੀਤ ਸਿੰਘ ਗਿੱਲ ,ਸੁਰਿੰਦਰ ਸਿੰਘ ਨੱਤ ਡਾਇਰੈਕਟਰਾ ਨੇ ਸਿਖਸ ਆਫ਼ ਡੀ ਐਮ ਵੀ ਵੱਲੋਂ ਸਾਈਟੇਸ਼ਨ ਭੇਟ ਕੀਤਾ ਤੇ ਡਾਕਟਰ ਸੁਰਿੰਦਰ ਸਿੰਘ ਗਿੱਲ ਕੋ-ਚੇਅਰ ,ਹਰਜੀਤ ਸਿੰਘ ਹੁੰਦਲ ਤੇ ਮਹਿਤਾਬ ਸਿੰਘ ਕਾਹਲੋ ਡਾਇਰੈਕਟਰਾ ਵੱਲੋਂ ਅੰਤਰ-ਰਾਸ਼ਟਰੀ ਫੋਰਮ ਯੂ ਐਸ ਏ ਵੱਲੋਂ ਸਾਈਟੇਸ਼ਨ ਨਾਲ ਸਨਮਾਨਿਤ ਕੀਤਾ। ਸਮੁੱਚਾ ਸੂਫੀ ਪ੍ਰੋਗਰਾਮ ਵੱਖਰੀ ਛਾਪ ਛੱਡ ਗਿਆ।

# ਦੀਵਿਆਂ ਦੀ ਰੌਸ਼ਨੀ ਨਾਲ ਦਿੱਤਾ 'ਵੋਟ ਕਰ ਅੰਮ੍ਰਿਤਸਰ' ਦਾ ਸੰਦੇਸ਼

**ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ**

ਜ਼ਿਲ੍ਹੇ ਵਿੱਚ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਵੋਟਰਾਂ ਦੀ ਹਿੱਸੇਦਾਰੀ ਵਧਾਉਣ ਲਈ ਸੁਚਾਰੂ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਤਹਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਲੜੀ ਵਿੱਚ ਸਥਾਨਕ ਕੰਪਨੀ ਬਾਗ ਵਿੱਚ ਸਥਿਤ ਮਹਾਰਾਜਾ ਰਣਜੀਤ ਸਿੰਘ ਪਾਰਕ ਵਿਖੇ ਦੀਵੇਆਂ ਦੀ ਰੌਸ਼ਨੀ ਨਾਲ 'ਵੋਟ ਕਰ ਅੰਮ੍ਰਿਤਸਰ' ਸਲੋਗਨ ਬਣਾ ਕੇ ਵੋਟਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵੋਟਰ ਜਾਗਰੂਕਤਾ ਜ਼ਿਲ੍ਹਾ ਪੱਧਰੀ ਕਮੇਟੀ ਦੇ ਮੁੱਖੀ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਿਕਾਸ ਕੁਮਾਰ ਨੇ ਕਿਹਾ ਕਿ ਅਗਾਮੀ ਲੋਕਸਭਾ ਚੋਣਾਂ ਵਿੱਚ ਵੋਟਰਾਂ ਦੀ ਸ਼ਮੂਲੀਅਤ ਨੂੰ ਵਧਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲਗਾਤਾਰ ਵੋਟਰ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਦੀਵੇਆਂ ਦੀ ਰੌਸ਼ਨੀ ਨਾਲ 'ਵੋਟ ਕਰ ਅੰਮ੍ਰਿਤਸਰ' ਬਣਾਉਣਾ ਵੀ ਇਸੇ ਮੁਹਿੰਮ ਦਾ ਇੱਕ ਹਿੱਸਾ ਹੈ।ਉਹਨਾਂ ਕਿਹਾ ਕਿ ਇਸ ਸਵੀਪ ਗਤੀਵਿਧੀ ਨੂੰ ਜ਼ਿਲ੍ਹਾ ਪੱਧਰੀ ਰੰਗੋਲੀ ਟੀਮ ਮੈਂਬਰਾਂ ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਦੇ ਕਰਮਚਾਰੀਆਂ ਵਲੋਂ ਸਾਂਝੇ ਤੌਰ ਤੇ ਆਯੋਜਿਤ ਕੀਤਾ ਗਿਆ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ।

ਉਹਨਾਂ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਲੋਂ ਵੋਟਰ ਜਾਗਰੂਕਤਾ ਲਈ ਕਈ ਨਿਵੇਕਲੀਆਂ ਕੋਸ਼ਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸਨੂੰ ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਦਫ਼ਤਰ,ਪੰਜਾਬ ਵਲੋਂ ਕਾਫ਼ੀ ਪਸੰਦ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਅੰਮ੍ਰਿਤਸਰ ਲੋਕਸਭਾ ਸੀਟ ਲਈ 1 ਜੂਨ ਨੂੰ ਵੋਟਾਂ ਪਾਈਆਂ ਜਾਣਗੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਸ ਸਬੰਧੀ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।ਉਹਨਾਂ ਦੱਸਿਆ ਕਿ ਚੋਣ ਕਮਿਸ਼ਨ ਵਲੋਂ ਇਸ ਵਾਰ 70 ਪ੍ਰਤੀਸ਼ਤ ਤੋਂ ਵੱਧ ਪੋਲਿੰਗ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਉਹਨਾਂ ਨੂੰ ਆਸ ਹੈ ਕਿ ਅੰਮ੍ਰਿਤਸਰ ਦੇ ਜਾਗਰੂਕ ਵੋਟਰਾਂ ਦੀ ਸਹਾਇਤਾ ਨਾਲ ਇਹ ਟਾਰਗੇਟ ਜ਼ਰੂਰ ਹਾਸਿਲ ਕੀਤਾ ਜਾਵੇਗਾ।

ਉਹਨਾਂ ਕਿਹਾ ਕਿ ਚੋਣ ਕਮਿਸ਼ਨ ਵਲੋਂ ਕੇ.ਵਾਈ.ਸੀ. ਮੋਬਾਈਲ ਐਪ ਚਾਲੂ ਕੀਤੀ ਹੈ,ਜਿਸ ਨੂੰ ਡਾਊਨਲੋਡ ਕਰਕੇ ਕਿਸੇ ਵੀ ਉਮੀਦਵਾਰ ਬਾਰੇ ਵਿਸਤਾਰਿਤ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।ਉਹਨਾਂ ਕਿਹਾ ਕਿ ਸਾਰੇ ਵੋਟਰਾਂ ਨੂੰ 1 ਜੂਨ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।ਉਹਨਾਂ ਕਿਹਾ ਕਿ ਵੋਟਾਂ ਵਾਲੇ ਦਿਨ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਵੋਟਰ ਆਪਣੇ ਵੋਟ ਪਾਉਣ ਦੇ ਹੱਕ ਦੀ ਵਰਤੋਂ ਸਵੇਰੇ ਕਰਨ ਦੀ ਕੋਸ਼ਸ਼ ਕਰਨ,ਤਾਂ ਜੋ ਦਿਨ ਵੇਲੇ ਗਰਮੀ ਤੋਂ ਬਚਿਆ ਜਾ ਸਕੇ।ਉਹਨਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੋਟਿੰਗ ਵਾਲੇ ਦਿਨ ਠੰਡੇ-ਮਿੱਠੇ ਜਲ ਦੀਆਂ ਛਬੀਲਾਂ,ਪੱਖਿਆਂ ਅਤੇ ਸ਼ਮੀਆਨੇਆਂ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ,ਤਾਂ ਜੋ ਲੋਕਾਂ ਨੂੰ ਵੋਟ ਪਾਉਣ ਲਈ ਕਿਸੇ ਕਿਸਮ ਦੀ ਵੀ ਦਿੱਕਤ ਦਾ ਸਾਹਮਣਾ ਨਾਂ ਕਰਨਾ ਪਵੇ।ਇਸ ਮੌਕੇ ਸੁਪਰਵਾਈਜ਼ਰ ਰਜਵੰਤ ਕੌਰ, ਵਿਜੈ, ਵੀਨਾ ਰਾਣੀ, ਜੋਤੀ, ਸੁਮਨ, ਸੁਖਵਿੰਦਰ, ਪ੍ਰੋਮਿਲਾ, ਸੁਨੈਨਾ, ਕੁਲਵਿੰਦਰ, ਰੰਗੋਲੀ ਟੀਮ ਮੈਂਬਰ ਸੰਜੇ ਕੁਮਾਰ ਸਬਰਜੀਤ ਸਿੰਘ,ਚਰਨਜੀਤ ਸਿੰਘ, ਗੁਰਬਖ਼ਸ਼ ਸਿੰਘ, ਯੋਗਪਾਲ, ਜਿਲ੍ਹਾ ਸਵੀਪ ਟੀਮ ਮੈਂਬਰ ਆਸ਼ੂ ਧਵਨ,ਮੁਨੀਸ਼ ਕੁਮਾਰ ਅਤੇ ਪੰਕਜ ਕੁਮਾਰ ਵੀ ਹਾਜ਼ਰ ਸਨ।

# ਮਜੀਠਾ ਵਿਧਾਨਸਭਾ ਹਲਕੇ ਵਿੱਚ ਵੋਟਰ ਜਾਗਰੂਕਤਾ ਮੁਹਿੰਮ ਜ਼ੋਰਾਂ 'ਤੇ

**ਅੰਮ੍ਰਿਤਸਰ ਸਾਂਝੀ ਸੋਚ ਬਿਊਰੋ**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਦੀ ਯੋਗ ਅਗਵਾਈ ਹੇਠ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਮਜੀਠਾ ਹਰਨੂਰ ਕੌਰ ਢਿਲੋਂ ਵਲੋਂ ਉਲੀਕੇ ਪ੍ਰੋਗਰਾਮ ਤਹਿਤ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਵੋਟਰਾਂ ਦੀ ਹਿੱਸੇਦਾਰੀ ਵਧਾਉਣ ਲਈ ਸੁਚਾਰੂ ਵੋਟਰ ਸਿੱਖਿਆ ਅਤੇ ਚੋਣ ਭਾਗੀਦਾਰੀ (ਸਵੀਪ) ਸਬੰਧੀ ਗਤੀਵਿਧੀਆਂ ਦੀ ਲੜੀ ਵਜੋਂ ਮਜੀਠਾ ਵਿਧਾਨ ਸਭਾ ਹਲਕੇ ਵਿੱਚ ਵੋਟਰ ਜਾਗਰੂਕਤਾ ਮੁਕਾਬਲੇ ਕਰਵਾਏ ਗਏ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਮਜੀਠਾ ਵਿਧਾਨਸਭਾ ਹਲਕੇ ਦੇ ਨੋਡਲ ਅਫ਼ਸਰ ਸਵੀਪ ਪ੍ਰਿੰਸੀਪਲ ਰੇਖਾ ਮਹਾਜਨ ਨੇ ਕਿਹਾ ਕਿ ਉਹਨਾਂ ਦੇ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ



ਭੰਗਾਲੀ ਕਲਾਂ,ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਥੂਨੰਗਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਲੀਆਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਦਸੌਂਦਾ ਸਿੰਘ, ਸਰਕਾਰੀ ਹਾਈ ਸਕੂਲ ਅਬਦਾਲ ਅਤੇ ਸਰਕਾਰੀ ਹਾਈ ਸਕੂਲ ਟਰਪਈ ਵਿਖੇ ਪੋਸਟਰ ਮੇਕਿੰਗ, ਸਲੋਗਨ ਅਤੇ ਲੇਖ ਮੁਕਾਬਲੇ ਕਰਵਾਏ ਗਏ।ਉਹਨਾ ਕਿਹਾ ਕਿ ਇਹਨਾਂ ਮੁਕਾਬਲਿਆਂ ਦਾ ਮੁੱਖ ਮਕਸਦ ਸਕੂਲਾਂ ਵਿੱਚ ਸਥਾਪਿਤ ਕੀਤੇ ਗਏ ਚੋਣ ਸਾਖ਼ਰਤਾ ਕਲੱਬਾਂ ਰਾਹੀਂ ਸਮਾਜ ਵਿੱਚ ਵੋਟ ਦੇ ਅਧਿਕਾਰ ਦਾ ਸੁਨੇਹਾ ਫ਼ੈਲਾਣਾ ਹੈ।ਉਹਨਾਂ ਕਿਹਾ ਕਿ ਲੋਕਤਾਂਤਰਿਕ ਪ੍ਰਕਿਰਿਆ ਵਿੱਚ ਚੋਣਾਂ ਦੀ ਆਪਣੀ ਅਹਿਮੀਅਤ ਹੈ ਅਤੇ ਇਹ ਸਾਨੂੰ ਆਪਣੀ ਪਸੰਦ ਦੀ ਸਰਕਾਰ ਚੁਣਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ।ਉਹਨਾਂ ਸਮਾਜ ਦੇ ਹਰ ਵਰਗ ਨੂੰ ਵੋਟ ਦੀ ਤਾਕਤ ਸਮਝਦੇ ਹੋਏ ਇਸਦਾ ਉੱਚਿਤ ਉਪਯੋਗ ਕਰਨ ਦੀ ਅਪੀਲ ਕੀਤੀ।ਉਹਨਾਂ ਕਿਹਾ ਕਿ ਚੋਣ ਪ੍ਰਕਿਰਿਆ ਵਿੱਚ ਮਹਿਲਾਵਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਕੇਜਰੀਵਾਲ ਤੁਹਾਨੂੰ ਬਹੁਤ ਪਿਆਰ ਕਰਦੇ ਹਨ, ਜਨਤਾ ਨੂੰ ਐਨਾ ਪਿਆਰ ਕਰਨ ਵਾਲਾ ਨੇਤਾ ਬਹੁਤ ਘੱਟ ਵੇਖਿਆ ਹੈ –ਭਗਵੰਤ ਮਾਨ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਦਿੱਲੀ ਵਿਚ ਇਕ ਰੋਡ ਸ਼ੋਅ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਾਡੇ ਉਮੀਦਵਾਰ ਸੋਮਨਾਥ ਭਾਰਤੀ ਦਾ ਝਾੜੂ ਦਾ ਬਟਨ ਤੀਸਰੇ ਨੰਬਰ ਉੱਤੇ ਹੈ। ਬਟਨ ਤੀਸਰੇ ਨੰਬਰ ਉੱਤੇ ਹੈ ਪਰੰਤੂ ਆਉਣਾ ਪਹਿਲਾਂ ਨੰਬਰ ਉੱਤੇ ਹੈ। ਤੁਸੀ ਲੋਕਾਂ ਦਾ ਜੋਸ਼ ਅਤੇ ਪਿਆਰ ਵੇਖ ਕੇ ਮਨ ਗਦ-ਗਦ ਹੋ ਗਿਆ ਹੈ। ਅਸੀ ਰੈਲੀ ਵਿੱਚ ਆਏ ਸਾਰੇ ਬੱਚਿਆਂ, ਬਜ਼ੁਰਗਾਂ, ਔਰਤਾਂ ਅਤੇ ਸਾਰਿਆਂ ਦਾ ਬਹੁਤ-ਬਹੁਤ ਧੰਨਵਾਦ ਕਰਦੇ ਹਾਂ। ਤੁਹਾਡੇ ਲੋਕਾਂ ਦੇ ਪਿਆਰੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਜੇਲ੍ਹ ਤੋਂ ਬਾਹਰ ਆਉਂਦੇ ਹੀ ਕਿਹਾ ਕਿ ਮੈ ਸਭ ਤੋਂ ਪਹਿਲਾਂ ਲੋਕਾਂ ਨਾਲ ਮਿਲਣਾ ਚਾਹੁੰਦਾ ਹਾਂ, ਕਿੱਥੇ ਪ੍ਰੋਗਾਮ ਰੱਖਿਆ ਹੈ, ਮੈਂ ਜਾਵਾਂਗਾ। ਉਹ ਲਗਾਤਾਰ ਪ੍ਰੋਗਰਾਮਾਂ ਵਿੱਚ ਹਿੱਸਾ ਲੈ ਰਹੇ ਹਨ। ਇਸ ਦਾ ਮਤਲਬ ਹੈ ਕਿ ਉਹ ਜੇਲ੍ਹ ਵਿੱਚ ਤੁਹਾਨੂੰ ਬਹੁਤ ਯਾਦ ਕਰ ਰਹੇ ਸਨ। ਉਨ੍ਹਾਂ ਨੇ ਜੇਲ੍ਹ ਵਿਚੋਂ ਨਿਕਲਦੇ ਹੀ ਕਿਹਾ ਕਿ ਮੈ ਘਰ ਨਹੀਂ, ਦਿੱਲੀ ਦੇ ਲੋਕਾਂ ਦੇ ਕੋਲ ਜਾਣਾ ਹੈ। ਜਨਤਾ ਨੂੰ ਐਨਾ ਪਿਆਰ ਕਰਨ ਵਾਲਾ ਨੇਤਾ ਬਹੁਤ ਘੱਟ ਵੇਖਣ ਨੂੰ ਮਿਲਦਾ ਹੈ। ਆਪਣੇ ਪਰਿਵਾਰ ਨੂੰ ਪਿਆਰ ਕਰਨ ਵਾਲੇ ਬਹੁਤ ਹਨ, ਪਰੰਤੂ ਪੂਰੀ ਦਿੱਲੀ ਦੀ ਜਨਤਾ ਨੂੰ ਆਪਣਾ ਪਰਿਵਾਰ ਸਮਝਣ ਵਾਲੇ ਬਹੁਤ ਘੱਟ ਹਨ। ਉਨ੍ਹਾਂ ਨੇ ਕਿਹਾ ਕਿ ਇਸ ਵਾਰ ਇੰਡੀਆ ਗੱਠਜੋੜ ਦੀ ਸਰਕਾਰ ਆ ਰਹੀ ਹੈ ਅਤੇ ਸਰਕਾਰ ਬਣਾਉਣ ਵਿੱਚ ਸਭ ਤੋਂ ਜ਼ਿਆਦਾ ਯੋਗਦਾਨ ਆਮ ਆਦਮੀ ਪਾਰਟੀ ਦਾ ਹੋਵੇਗਾ, ਆਉਂਦੇ ਹੀ ਸਭ ਤੋਂ ਪਹਿਲਾਂ ਅਸੀ ਦਿੱਲੀ ਨੂੰ ਪੂਰਨ ਰਾਜ ਦਾ ਦਰਜਾ ਦੇਵਾਂਗੇ। ਭਾਜਪਾ ਭਲੇ ਹੀ ਵੱਡੇ-ਵੱਡੇ ਦਾਅਵੇ ਕਰੇ ਪਰੰਤੂ ਜ਼ਿਆਦਾਤਰ ਦਿੱਲੀ ਦੀ ਜਨਤਾ ਨੂੰ



ਉਨ੍ਹਾਂ ਦੇ ਸੰਸਦਾਂ ਦੇ ਨਾਮ ਤੱਕ ਪਤਾ ਨਹੀਂ ਹਨ, ਕਿਉਂਕਿ ਉਹ ਲੋਕਾਂ ਦੇ ਵਿੱਚ ਕਦੇ ਆਉਂਦੇ ਹੀ ਨਹੀਂ ਅਤੇ ਨਾ ਸੰਪਰਕ ਵਿੱਚ ਰਹਿੰਦੇ ਹਨ। ਰੋਡ ਸ਼ੋ ਦੇ ਦੌਰਾਨ ਜਦੋਂ ਅਰਵਿੰਦ ਕੇਜਰੀਵਾਲ ਨੇ ਮੋਤੀ ਨਗਰ ਅਤੇ ਉੱਤਮ ਨਗਰ ਵਿਧਾਨ ਸਭਾ ਵਿੱਚ ਰੋਡ ਸ਼ੋ ਵਿੱਚ ਉੱਥੇ ਦੇ ਸੰਸਦ ਦਾ ਨਾਮ ਜਨਤਾ ਤੋਂ ਪੁੱਛਿਆ ਤਾਂ ਦੋਨਾਂ ਥਾਵਾਂ ਉੱਤੇ ਜਨਤਾ ਭਾਜਪਾ ਸੰਸਦਾਂ ਦਾ ਨਾਮ ਨਹੀਂ ਦੱਸ ਸਕੀ। ਜੇਲ੍ਹ ਤੋਂ ਬਾਹਰ ਆਉਂਦੇ ਹੀ ਅਰਵਿੰਦ ਕੇਜਰੀਵਾਲ ਲੋਕ ਸਭਾ ਚੋਣ ਪ੍ਰਚਾਰ ਵਿੱਚ ਜੁੱਟ ਗਏ ਹਨ। ਐਤਵਾਰ ਨੂੰ ਉਨ੍ਹਾਂ ਨੇ ਮੋਤੀ ਨਗਰ ਅਤੇ ਉੱਤਮ ਨਗਰ ਵਿਧਾਨ ਸਭਾ ਖੇਤਰ ਵਿੱਚ ਰੋਡ ਸ਼ੋ ਕੀਤਾ। ਜਿੱਥੇ ਉਨ੍ਹਾਂ ਨੂੰ ਦੇਖਣ ਲਈ ਲੋਕਾਂ ਦੀ ਭਾਰੀ ਭੀੜ ਪਹੁੰਚੀ ਹੋਈ ਸੀ। ਲੋਕਾਂ ਨੇ ਉਨ੍ਹਾਂ ਉੱਤੇ ਜਮ ਕੇ ਫੁੱਲਾਂ ਦੀ ਵਰਖਾ ਕੀਤੀ। ਖੁੱਲ੍ਹੀ ਕਾਰ ਵਿੱਚ ਸਵਾਰ ਕੇਜਰੀਵਾਲ ਨੇ ਹੱਥ ਹਿਲਾ ਕੇ ਲੋਕਾਂ ਦਾ ਪਿਆਰ ਅਤੇ ਸਹਿਯੋਗ ਨੂੰ ਸਵੀਕਾਰ ਕੀਤਾ। ਲੋਕ ਦੀ ਭੀੜ ਨਾਲ ਸੜਕ ਖਚਾਖਚ ਭਰੀ ਹੋਈ ਸੀ। ਲੋਕ ਆਪਣੇ ਘਰਾਂ ਦੀ ਛੱਤ ਅਤੇ ਬਾਲਕੋਨੀ ਵਿਚੋਂ ਫੁੱਲਾਂ ਦਾ ਮੀਂਹ ਬਰਾ ਕੇ ਕੇਜਰੀਵਾਲ ਦਾ ਸਵਾਗਤ ਕਰਦੇ ਵਿਖੇ ਗਏ । ਅਰਵਿੰਦ ਕੇਜਰੀਵਾਲ ਦੇ ਰੋਡ ਸ਼ੋ ਦੇ ਦੌਰਾਨ ਕਰਮਚਾਰੀਆਂ ਨੇ 'ਜੇਲ੍ਹ ਦਾ ਜਵਾਬ ਵੋਟ ਸੇ' ਦੇਣ ਦਾ ਪੋਸਟਰ ਵੀ ਖ਼ੂਬ ਲਹਿਰਾਇਆ।ਸੀਐਮ ਦੇ ਕਾਫ਼ਲੇ ਦੇ ਨਾਲ ਕਰਮਚਾਰੀ ਵੀ ਪੋਸਟਰ ਲੈ ਕੇ ਚੱਲ ਰਹੇ ਸਨ ਅਤੇ ਭਾਜਪਾ ਦੇ ਖ਼ਿਲਾਫ਼ ਨਾਅਰੇ ਲਗਾ ਰਹੇ ਸਨ। ਨਾਲ ਹੀ ਲੋਕ ਆਪਣੇ ਹੱਥਾਂ ਵਿੱਚ ਆਮ ਆਦਮੀ ਪਾਰਟੀ ਦਾ ਝੰਡਾ ਵੀ ਲੈ ਕੇ ਚੱਲ ਰਹੇ ਸਨ । ਸਮਰਥਕਾਂ ਨੇ '25 ਮਈ-ਭਾਜਪਾ ਗਈ' ਦੇ ਜਮ ਕੇ ਨਾਅਰੇ ਲਗਾਏ। ਇਸ ਦੌਰਾਨ ਅਰਵਿੰਦ ਕੇਜਰੀਵਾਲ ਨੇ ਵੀ ਸਮਰਥਕਾਂ ਦਾ ਸਾਥ ਦਿੰਦੇ ਹੋਏ ਉਨ੍ਹਾਂ ਦੇ ਨਾਲ ਨਾਅਰਾ ਲਗਾਇਆ। ਉੱਤਮ ਨਗਰ ਦੇ ਰੋਡ ਸ਼ੋ ਵਿੱਚ ਸਮਰਥਕ ਹਨੂਮਾਨ ਜੀ ਦੀ ਗਦਾ ਵੀ ਲੈ ਕੇ ਪੁੱਜੇ । ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਨੂੰ ਉਹ ਗਦਾ ਭੇਟ ਕੀਤੀ। ਇਸ ਦੌਰਾਨ ਸਮਰਥਕ ਲਗਾਤਾਰ ਭਾਜਪਾ ਦੇ ਖ਼ਿਲਾਫ਼ ਨਾਅਰੇਬਾਜ਼ੀ ਕਰ ਰਹੇ ਸਨ। ਇਸ ਉੱਤੇ ਭਗੰਵਤ ਮਾਨ ਨੇ ਕਿਹਾ ਕਿ ਤੁਹਾਡੇ ਅੰਦਰ ਭਾਰੀ ਗ਼ੁੱਸਾ ਭਰਿਆ ਹੈ। ਮੈਂ ਤੁਹਾਨੂੰ 15 ਸੈਕੰਡ ਆਪਣਾ ਗ਼ੁੱਸਾ ਕੱਢਣ ਲਈ ਦਿੰਦਾ ਹਾਂ । ਇਸ ਤੋਂ ਬਾਅਦ ਉਨ੍ਹਾਂ ਨੇ ਮਾਇਕ ਚਾਰੇ ਪਾਸੇ ਘੁਮਾਇਆ ਅਤੇ ਲੋਕਾਂ ਨੇ ਜਮ ਕੇ ਨਾਅਰੇਬਾਜ਼ੀ ਕਰ ਕੇ ਬੀਜੇਪੀ ਉੱਤੇ ਆਪਣੀ ਭੜਾਸ ਕੱਢੀ। ਇਸ ਤੋਂ ਬਾਅਦ ਭਗਵੰਤ ਮਾਨ ਨੇ ਉਨ੍ਹਾਂ ਦੇ ਨਾਲ ਜੇਲ੍ਹ ਦੇ ਤਾਲੇ ਟੁੱਟ ਗਏ, ਕੇਜਰੀਵਾਲ ਛੁੱਟ ਗਏ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਗਾਏ ।

# ਕਿਰਤੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਦੀਪਸਿੰਘਵਾਲਾ ਅਤੇ ਹੋਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ

ਜਲੰਧਰ
ਸਾਂਝੀ ਸੋਚ ਬਿਊਰੋ

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਨੇ ਪੁਲਿਸ ਵਲੋਂ ਸੰਯੁਕਤ ਕਿਸਾਨ ਮੋਰਚਾ ਦੇ ਪ੍ਰਮੁੱਖ ਆਗੂ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਦੀਪਸਿੰਘਵਾਲਾ, ਕਿਸਾਨ ਆਗੂ ਹਰਨੇਕ ਸਿੰਘ ਮਹਿਮਾ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਨੌਨਿਹਾਲ ਸਿੰਘ ਦੀਪਸਿੰਘਵਾਲਾ ਨੂੰ ਗ੍ਰਿਫ਼ਤਾਰ ਕਰਕੇ ਝੂਠੇ ਕੇਸ ਵਿੱਚ ਜੇਲ੍ਹ ਡੱਕਣ ਅਤੇ ਕੇਕੇਯੂ ਦੇ ਸਥਾਨਕ ਇੱਕ ਹੋਰ ਆਗੂ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਗ੍ਰਿਫ਼ਤਾਰੀਆਂ ਨੂੰ ਲੋਕਤੰਤਰ ਦਾ ਕਤਲ ਕਰਾਰ ਦਿੱਤਾ।ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਗ੍ਰਿਫ਼ਤਾਰ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਦੇਸ਼ ਦਾ ਮੌਜੂਦਾ ਸੰਵਿਧਾਨ ਲੋਕਾਂ ਨੂੰ ਇਕੱਠੇ ਹੋਣ, ਆਪਣੀ ਗੱਲ ਕਹਿਣ ਅਤੇ ਵਿਰੋਧ ਪ੍ਰਗਟ ਕਰਨ ਦਾ ਅਧਿਕਾਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਵਲੋਂ ਪਾਰਲੀਮੈਂਟ ਦੀਆਂ ਚੋਣਾਂ ਨੂੰ ਲੋਕਤੰਤਰ ਦਾ ਤਿਉਹਾਰ ਵਜੋਂ ਪੇਸ਼ ਕੀਤਾ ਜਾ ਰਿਹਾ। ਇਸ ਤਹਿਤ ਭਾਜਪਾ ਨੂੰ ਤਾਂ ਆਪਣੀ ਗੱਲ ਕਹਿਣ ਦਾ ਅਧਿਕਾਰ ਦਿੱਤਾ ਜਾ ਰਿਹਾ ਅਤੇ ਦੂਜੇ ਪਾਸੇ ਆਮ ਲੋਕਾਂ ਕਿਸਾਨਾਂ,



ਮਜ਼ਦੂਰਾਂ, ਨੌਜਵਾਨਾਂ ਨੂੰ ਆਪਣੀ ਗੱਲ ਕਹਿਣ ਤੇ ਵਿਰੋਧ ਪ੍ਰਗਟ ਕਰਨ ਤੋਂ ਪੁਲਿਸ ਬਲ ਦੇ ਜ਼ੋਰ ਰੋਕਿਆ ਜਾ ਰਿਹਾ। ਲੋਕਾਂ ਦੇ ਮਨਾਂ ਵਿੱਚ ਦਹਿਸ਼ਤ ਪਾਉਣ ਤੇ ਲੋਕਾਂ ਨੂੰ ਆਗੂ ਰਹਿਤ ਕਰਨ ਲਈ ਕਿਸਾਨ, ਮਜ਼ਦੂਰ, ਨੌਜਵਾਨ ਆਗੂਆਂ ਨੂੰ ਕ੍ਰਿਮਿਨਲ ਕਿਸਮ ਲੋਕਾਂ ਵਾਂਗ ਫੜ ਕੇ ਥਾਣਿਆਂ, ਜੇਲ੍ਹ ਵਿੱਚ ਬੰਦ ਕਰਨ ਦਾ ਰਾਹ ਅਖਤਿਆਰ ਕੀਤਾ ਜਾ ਰਿਹਾ। ਲੋਕਤੰਤਰ ਦਾ ਇਹ ਦੋ ਮੂੰਹਾਂ ਕੈਸਾ ਤਿਉਹਾਰ ਹੈ? ਉਨ੍ਹਾਂ ਕਿਹਾ ਕਿ ਇੱਕ ਪਾਸੇ ਆਪ ਪਾਰਟੀ ਦੇ ਸੁਪਰੀਮੋਂ ਦੀ ਗ੍ਰਿਫ਼ਤਾਰ ਕਰਨ ਨੂੰ ਭਗਵੰਤ ਸਿੰਘ ਮਾਨ ਦੀ ਸਰਕਾਰ ਭਾਜਪਾ ਦੀ ਤਾਨਾਸ਼ਾਹੀ ਕਰਾਰ ਦਿੰਦੀ ਥੱਕਦੀ ਨਹੀਂ ਦੂਜੇ ਪਾਸੇ ਆਪਣੀ ਗੱਲ ਕਹਿਣ ਅਤੇ ਦੇਸ਼ ਦੇ ਮੌਜੂਦਾ ਸੰਵਿਧਾਨ ਨੂੰ ਬਦਲ ਕੇ ਮਨੂੰ-ਸਮਰਿਤੀ ਲਾਗੂ ਕਰਨ ਲਈ ਯਤਨਸ਼ੀਲ ਭਾਜਪਾ ਦਾ ਵਿਰੋਧ ਕਰਨ ਵਾਲੇ ਕਿਸਾਨ, ਮਜ਼ਦੂਰ, ਨੌਜਵਾਨ ਆਗੂਆਂ ਨੂੰ ਸੂਬਾ ਸਰਕਾਰ ਦੇ ਇਸ਼ਾਰੇ ਉੱਪਰ ਪੁਲਿਸ ਬਲ ਦੇ ਜ਼ੋਰ ਗ੍ਰਿਫ਼ਤਾਰ ਕਰਕੇ ਲੋਕਾਂ ਦੀ ਜਮਹੂਰੀ ਆਵਾਜ਼ ਨੂੰ ਕੁਚਲ ਰਹੀ ਹੈ। ਇਸ ਤਰ੍ਹਾਂ ਦਾ ਦੋਹਰਾ ਕਿਰਦਾਰ ਕਿਉਂ?

ਯੂਨੀਅਨ ਦੇ ਆਗੂਆਂ ਨੇ ਖਦਸ਼ਾ ਜਾਹਿਰ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਹੋ ਸਕਦਾ ਹੈ ਉਹਨਾਂ ਸਾਰੇ ਆਗੂਆਂ ਨੂੰ ਜੇਲਾਂ ਵਿੱਚ ਡੱਕ ਦਿੱਤਾ ਜਾਵੇ ਜਿਹੜੇ ਮਿਹਨਤਕਸ਼ ਲੋਕਾਂ ਨਾਲ ਜੁੜੇ ਸਵਾਲ ਹਾਕਮ ਪਾਰਟੀਆਂ ਨੂੰ ਕਰ ਰਹੇ ਹਨ। ਭਾਜਪਾ ਹਰਾਓ ਭਾਜਪਾ ਭਜਾਓ ਤੇ ਸਾਰੀਆਂ ਹਾਕਮ ਪਾਰਟੀਆਂ ਦੇ ਆਗੂ ਸਵਾਲਾਂ ਦੀ ਪੰਜਾਬ ਵਿੱਚ ਵਗ ਰਹੀ ਹਨੇਰੀ ਤੋਂ ਬੁਰੀ ਤਰ੍ਹਾਂ ਡਰੇ ਹੋਏ ਹਨ।ਉਨ੍ਹਾਂ ਕਿਹਾ ਕਿ ਹਰ ਤਰ੍ਹਾਂ ਦੇ ਜ਼ਬਰ ਦਾ ਮੁਕਾਬਲਾ ਕਰਦਿਆਂ ਭਾਜਪਾ ਹਰਾਓ ਭਾਜਪਾ ਭਜਾਓ, ਹੋਰਨਾਂ ਹਾਕਮ ਜਮਾਤਾਂ ਦੀਆਂ ਪਾਰਟੀਆਂ ਨੂੰ ਸਵਾਲ ਕਰੋ ਅਤੇ ਮੌਜੂਦਾ ਆਰਥਿਕ ਸਿਆਸੀ ਪ੍ਰਬੰਧ ਨੂੰ ਨੰਗਾ ਕਰੋ ਦੀ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ।

# ਤਰਨਜੀਤ ਸੰਧੂ ਨੂੰ ਬਹੁਮਤ ਨਾਲ ਜਿਤਾ ਕੇ ਭੇਜਾਂਗੇ ਲੋਕ ਸਭਾ: ਸ਼ਰੂਤੀ ਵਿਜ

## ਡੋਰ-ਟੂ-ਡੋਰ ਜਨ ਪ੍ਰਚਾਰ 'ਚ ਭਾਜਪਾ ਨੂੰ ਮਿਲ ਰਿਹਾ ਭਾਰੀ ਜਨ ਸਮਰਥਨ

ਅੰਮ੍ਰਿਤਸਰ
ਰਵੀ ਕੁਮਾਰ

ਜਿਵੇਂ ਜਿਵੇਂ ਚੋਣ ਦਾ ਦਿਨ ਨਜ਼ਦੀਕ ਆਉਂਦਾ ਜਾ ਰਿਹਾ ਹੈ ਠੀਕ ਉਸੇ ਪ੍ਰਕਾਰ ਚੁਨਾਵ ਪ੍ਰਚਾਰ ਜੋਰ ਫੜਦਾ ਜਾ ਰਿਹਾ ਹੈ। ਭਾਰਤੀ ਜਨਤਾ ਪਾਰਟੀ ਨੂੰ ਚੋਣ ਪ੍ਰਚਾਰ ਦੇ ਦੌਰਾਨ ਭਾਰੀ ਸਮਰਥਨ ਮਿਲ ਰਿਹਾ ਹੈ। ਸੰਧੂ ਪਰਿਵਾਰ ਦੀਆਂ ਮਹਿਲਾਵਾਂ ਦੇ ਨਾਲ ਭਾਜਪਾ ਮਹਿਲਾ ਮੋਰਚਾ ਅਹਿਮ ਭੂਮਿਕਾ ਨਿਭਾ ਰਿਹਾ ਹੈ। ਆਪਣੇ ਡੋਰ-ਟੂ-ਡੋਰ ਪ੍ਰਚਾਰ ਦੇ ਦੌਰਾਨ ਲੋਕ ਘਰਾਂ ਤੋਂ ਬਾਹਰ ਨਿਕਲ ਕੇ ਉਨਾਂ ਦਾ ਸਵਾਗਤ ਕਰ ਰਹੇ ਹਨ। ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਮਿਲ ਰਹੇ ਭਾਰੀ ਜਨ ਸਮਰਥਨ ਨੇ ਜਿੱਥੇ ਉਨਾਂ ਦੀ ਜਿੱਤ ਨੂੰ ਸੁਨਿਸ਼ਚਿਤ ਕੀਤਾ ਹੈ ਉੱਥੇ ਮੋਦੀ ਸਰਕਾਰ 400 ਪਾਰ ਦਾ ਨਾਰਾ ਵੀ ਸਿੱਧ ਕਰ ਰਿਹਾ ਹੈ। ਪਿਛਲੇ ਕਈ ਸਾਲਾਂ ਤੋਂ ਵਿਕਾਸ ਨਾ ਹੋਣ ਤੋਂ ਨਿਰਾਸ਼ ਅੰਮ੍ਰਿਤਸਰ ਵਾਸੀ ਇਸ ਵਾਰ ਭਾਜਪਾ ਦੇ ਪੱਖ ਵਿੱਚ ਜਨਾਦੇਸ਼ ਦੇ ਕੇ ਅੰਮ੍ਰਿਤਸਰ ਤੋਂ ਸੰਧੂ ਸਮੁੰਦਰੀ ਦੇ ਵਿਜ਼ਨ ਦੇ ਮੁਤਾਬਿਕ "ਵਿਕਸਿਤ ਅੰਮ੍ਰਿਤਸਰ" ਦੇਖਣ ਦੇ ਲਈ ਤਿਆਰ ਬਰ ਤਿਆਰ ਬੈਠੇ ਹਨ।

ਡੋਰ-ਟੂ-ਡੋਰ ਪ੍ਰਚਾਰ ਦੇ ਦੌਰਾਨ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਅੰਮ੍ਰਿਤਸਰ ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਕਿਹਾ ਕਿ ਸੰਧੂ ਪਰਿਵਾਰ ਦੀਆਂ ਮਹਿਲਾਵਾਂ ਦੇ ਨਾਲ ਮਹਿਲਾ ਮੋਰਚਾ ਤਰਨਜੀਤ ਸਿੰਘ ਸੰਧੂ ਸਮੁੰਦਰੀ ਜੋ ਕਿ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਹਨ ਦੇ ਲਈ ਘਰ ਘਰ ਵੋਟ ਮੰਗ ਰਹੇ ਹਾਂ। ਲੋਕਾਂ ਦਾ ਭਾਰੀ ਉਤਸ਼ਾਹ ਤੇ ਪਿਆਰ ਉਹਨਾਂ ਦੇ ਪ੍ਰਤੀ ਵੇਖਿਆ ਜਾ ਰਿਹਾ ਹੈ ਅਤੇ ਲੋਕ ਘਰਾਂ ਤੋਂ ਬਾਹਰ ਨਿਕਲ ਕੇ ਉਹਨਾਂ ਦਾ ਫੁੱਲਾਂ ਅਤੇ ਨਾਰਿਆਂ ਦੇ ਨਾਲ ਸਵਾਗਤ ਕਰ ਰਹੇ ਹਨ। ਦੇਸ਼ ਦੇ ਜਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਕੁਸ਼ਲ ਅਗਵਾਈ ਵਿੱਚ ਪਿਛਲੇ 10 ਸਾਲਾਂ ਤੋਂ ਭਾਰਤ ਨੇ ਇੱਕ ਨਹੀਂ ਅਲੱਗ ਅਲੱਗ ਖੇਤਰਾਂ ਵਿੱਚ ਵਿਕਾਸ ਕੀਤਾ ਅਤੇ ਅਜਿਹੀਆਂ ਯੋਜਨਾਵਾਂ ਲੈ ਕੇ ਆਏ ਜਿਸ ਨਾਲ ਲੋਕਾਂ ਦੇ ਜੀਵਨ ਦਾ ਪੱਧਰ ਉੱਚਾ ਹੋਇਆ।

ਦੂਜੇ ਪਾਸੇ ਵਰਤਮਾਨ ਐਮ.ਪੀ ਜੋ ਅੰਮ੍ਰਿਤਸਰ ਦੇ ਲਈ ਕੇਂਦਰ ਤੋਂ ਕੁਝ ਨਹੀਂ ਲਿਆ ਸਕੇ। ਉਹਨਾਂ ਨੂੰ ਵੋਟ ਪਾ ਕੇ ਅੰਮ੍ਰਿਤਸਰ ਵਾਸੀ ਦੇ ਹੱਥ ਸਿਰਫ ਨਿਰਾਸ਼ਾ ਹੀ ਲੱਗੀ ਹੈ।

ਉਹਨਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਹੋਇਆ ਕਿਹਾ ਕਿ ਜਦ ਵੀ ਕਾਂਗਰਸ ਦੇ ਐਮ.ਪੀ ਜਾਂ ਉਹਨਾਂ ਦੇ ਰਿਸ਼ਤੇਦਾਰ ਵੋਟ ਮੰਗਣ ਦੇ ਲਈ ਉਹਨਾਂ ਕੋਲ ਆਉਣ ਤਾਂ ਇੱਕ ਸਵਾਲ ਜਰੂਰ ਕੀਤਾ ਜਾਵੇ ਕਿ ਆਪਣੇ ਕਾਰਜਕਾਲ ਦੇ ਦੌਰਾਨ ਕਾਂਗਰਸੀ ਐਮ.ਪੀ ਵੱਲੋਂ ਸ਼ਹਿਰ ਨੂੰ ਕਿਹੜਾ ਪ੍ਰੋਜੈਕਟ ਦਿੱਤਾ ਅਤੇ ਸ਼ਹਿਰ ਦੇ ਵਿਕਾਸ ਦੇ ਲਈ ਉਹਨਾਂ ਨੇ ਕੀ ਕੀਤਾ। ਅੰਮ੍ਰਿਤਸਰ ਵਾਸੀਆਂ ਦੇ ਹੱਥ ਸਿਰਫ ਨਿਰਾਸ਼ਾ ਹੀ ਲੱਗੀ ਹੈ ਇਸ ਦਾ ਮੁੱਖ ਕਾਰਨ ਇਹ ਹੈ ਕਿ ਕੇਂਦਰ 'ਚ ਭਾਜਪਾ ਦੀ ਸਰਕਾਰ ਅਤੇ ਇੱਥੇ ਐਮ.ਪੀ ਦੂਜੀ ਪਾਰਟੀ ਦਾ।

ਜਿਸ ਕਰਕੇ ਕੇਂਦਰ ਦੀ ਯੋਜਨਾਵਾਂ ਨੂੰ ਉਹ ਸਹੀ ਤਰੀਕੇ ਨਾਲ ਲਾਗੂ ਕਰਵਾਉਣ ਵਿੱਚ ਨਾਕਾਮ ਰਹੇ।

ਸਰੂਤੀ ਵਿਜ ਨੇ ਕਿਹਾ ਕਿ ਅੱਜ ਅੰਮ੍ਰਿਤਸਰ ਨੂੰ ਇੱਕ ਵਿਜਨਰੀ ਲੋਕ ਸਭਾ ਉਮੀਦਵਾਰ ਮਿਲ ਗਿਆ ਹੈ ਜੋ ਸਹੀ ਮਾਇਨੇ ਵਿੱਚ ਅੰਮ੍ਰਿਤਸਰ ਨੂੰ ਵਿਕਸਿਤ ਅੰਮ੍ਰਿਤਸਰ ਬਣਾਉਣ ਦਾ ਵਿਜ਼ਨ ਲੈ ਕੇ ਲੋਕਾਂ ਦੇ ਸਾਹਮਣੇ ਰੋਡ ਮੈਪ ਸਹਿਤ ਆਏ ਹਨ।

ਅੰਮ੍ਰਿਤਸਰ ਵਾਸੀਆਂ ਨੂੰ ਇੱਕ ਮੌਕਾ ਜਰੂਰ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਦੇਣਾ ਚਾਹੀਦਾ ਹੈ ਤਾਂ ਕਿ ਉਹ ਅੰਮ੍ਰਿਤਸਰ ਦੇ ਸੰਸਾਧਨਾਂ ਦਾ ਪ੍ਰਯੋਗ ਕਰਦੇ ਹੋਏ ਇਥੇ ਉਦਯੋਗ ਅਤੇ ਨੂੰ ਵਿਓਪਾਰ ਨੂੰ ਵਧਾ ਸਕਣ। ਉਨ੍ਹਾਂ ਕਿਹਾ ਕਿ ਇਹ ਚੋਣ ਮਾਤਰ ਇੱਕ ਚੋਣ ਨਹੀਂ ਸਾਡੇ ਭਵਿੱਖ ਦਾ ਚੋਣ ਹੈ। ਸਾਡੇ ਬੱਚਿਆਂ ਵਿਦੇਸ਼ ਵਿੱਚ ਆਪਣਾ ਭਵਿੱਖ ਤਲਾਸ਼ ਰਹੇ ਹਨ ਜੇਕਰ ਉਨਾਂ ਨੂੰ ਇਥੇ ਸ਼ਹਿਰ ਦੇ ਵਿੱਚ ਹੀ ਕੰਮ ਮਿਲ ਜਾਏ ਤਾਂ ਉਹ ਆਪਣੇ ਸ਼ਹਿਰ, ਆਪਣੇ ਮਾਤਾ ਪਿਤਾ ਅਤੇ ਆਪਣੇ ਰਿਸ਼ਤੇਦਾਰਾਂ ਨੂੰ ਛੱਡਣ ਦੀ ਨੌਬਤ ਨਾ ਪਵੇ। ਅਜਿਹੇ ਵਿਜ਼ਨ ਦੇ ਨਾਲ ਅੰਮ੍ਰਿਤਸਰ ਪਹੁੰਚੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਅੰਮ੍ਰਿਤਸਰ ਵਾਸੀ ਇੱਕ ਮੌਕਾ ਜਰੂਰ ਦੇਣ ਤਾਂ ਕਿ ਉਹ ਅੰਮ੍ਰਿਤਸਰ ਨੂੰ ਉਸਦੀ ਯੋਗਤਾ ਦੇ ਅਨੁਸਾਰ ਵਿਸ਼ਵ ਵਿੱਚ ਪਹਿਚਾਨ ਬਣਾਉਣ ਦਾ ਕੋਸ਼ਿਸ਼ ਕਰ ਸਕਣ।


VOTE & SUPPORT
aap
AAM AADMI PARTY
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL

# ਭਾਜਪਾ ਦਾ ਸਾਥ ਦਿਓ 100 ਦਿਨਾਂ ਦੇ ਵਿੱਚ ਜੋ ਕੱਚੇ ਮਕਾਨ ਹਨ ਉਹ ਪੱਕੇ ਕੀਤੇ ਜਾਣਗੇ- ਸੰਧੂ ਸਮੁੰਦਰੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਬੀਜੇਪੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਤੁਸੀਂ ਭਾਜਪਾ ਦਾ ਸਾਥ ਦਿਓ 100 ਦਿਨਾਂ ਦੇ ਵਿੱਚ ਜੋ ਕੱਚੇ ਘਰ ਹਨ ਉਹ ਪੱਕੇ ਕੀਤੇ ਜਾਣਗੇ। ਸੰਧੂ ਸਮੁੰਦਰੀ ਨੇ ਅੱਜ ਸ. ਸ਼ਾਮ ਸਿੰਘ ਅਟਾਰੀ ਦੇ ਇਤਿਹਾਸਿਕ ਨਗਰ ਛੋਟੀ ਅਟਾਰੀ ਵਿਖੇ ਭਾਜਪਾ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਸੁਸ਼ੀਲ ਦੇਵਗਨ ਅਤੇ ਹਲਕਾ ਇੰਚਾਰਜ ਬਲਵਿੰਦਰ ਕੌਰ ਵੱਲੋਂ ਆਯੋਜਿਤ ਪੈਦਲ ਰੋਡ ਸ਼ੋ 'ਚ ਹਿੱਸਾ ਲਿਆ। ਜਿੱਥੇ ਭਾਰੀ ਗਿਣਤੀ ਵਿੱਚ ਨੌਜਵਾਨਾਂ ਤੋਂ ਇਲਾਵਾ ਔਰਤਾਂ ਅਤੇ ਦਲਿਤ ਭਾਈਚਾਰੇ ਦੀ ਵਿਸ਼ੇਸ਼ ਸ਼ਮੂਲੀਅਤ ਰਹੀ। ਜੋ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਸਿਖ਼ਰਾਂ ਤੇ ਪਹੁੰਚਾ ਰਿਹਾ ਸੀ। ਇਸ ਮੌਕੇ ਬਾਜ਼ਾਰ ਵਿੱਚ ਲੋਕਾਂ ਨੇ ਜਿੱਥੇ ਤਰਨਜੀਤ ਸਿੰਘ ਸਮੁੰਦਰੀ ਨੂੰ ਸਿਰੋਪਾਉ ਅਤੇ ਸਿਹਰਿਆਂ ਨਾਲ ਸਵਾਗਤ ਕੀਤਾ ਅਤੇ ਉਹਨਾਂ ਉੱਤੇ ਫੁੱਲਾਂ ਦੀ ਵਰਖਾ ਵੀ ਕੀਤੀ ਗਈ। ਇਸੇ ਦੌਰਾਨ ਤਰਨਜੀਤ ਸਿੰਘ ਸੰਧੂ ਨੇ ਸ. ਸ਼ਾਮ ਸਿੰਘ ਅਟਾਰੀ ਦੀ ਸਮਾਧ ਉੱਤੇ ਉਹਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸਮਾਧ ਦਾ ਪਰਿਕਰਮਾ ਕੀਤਾ। ਇਸ ਮੌਕੇ ਬੋਲਦਿਆਂ ਉਹਨਾਂ ਕਿਹਾ ਕਿ ਮੈਂ ਸਰਦਾਰ ਸ਼ਾਮ ਸਿੰਘ ਅਟਾਰੀ ਜੀ ਦੇ ਇਸ ਨਗਰ ਵਿੱਚ ਆਣ ਕੇ ਆਪਣੇ ਆਪ ਨੂੰ ਗੌਰਵ ਮਹਿਸੂਸ ਕਰ ਰਿਹਾ ਹਾਂ। ਉੱਥੇ ਹੀ ਇਹ ਬੜੇ ਦੁੱਖ ਦੀ ਗੱਲ ਹੈ ਕਿ ਮੈਨੂੰ ਇਸ ਚੋਣ ਪ੍ਰਚਾਰ ਦੌਰਾਨ ਇੱਕ ਭੈਣ ਨੇ ਇਹ ਦੱਸਿਆ ਕਿ ਉਸ ਦੇ ਦਸ ਪਰਿਵਾਰਕ ਮੈਂਬਰ ਨਸ਼ਿਆਂ ਦਾ ਸ਼ਿਕਾਰ ਹੋ ਚੁੱਕੇ ਹਨ। ਇਹੀ ਹਾਲ ਅੰਮ੍ਰਿਤਸਰ ਦਾ ਵੀ ਹੈ ਸਾਨੂੰ ਨਸ਼ਿਆਂ ਦੇ ਖਿਲਾਫ ਦ੍ਰਿੜ੍ਹਤਾ ਨਾਲ ਲੜਨਾ ਹੋਵੇਗਾ ਤਾਂ ਹੀ ਅਸੀਂ ਨੌਜਵਾਨ ਪੀੜੀ ਨੂੰ ਬਚਾ ਸਕਾਂਗੇ।ਇੱਥੇ ਹੀ ਸੰਧੂ ਸਮੁੰਦਰੀ ਨੇ ਕਿਹਾ ਕਿ ਇਹ ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਮਹਿਕਮੇ ਵਿੱਚ ਆਊਟਸੋਰਸਿੰਗ ਮੁਲਾਜ਼ਮ ਰੱਖੇ ਹੋਏ ਹਨ। ਜਿੱਥੇ ਉਹਨਾਂ ਦੀ ਤਨਖ਼ਾਹ ਬਹੁਤ ਘੱਟ ਹੈ, ਉੱਥੇ ਹੀ ਪਿਛਲੇ ਇੱਕ ਸਾਲ ਤੋਂ ਉਹਨਾਂ ਨੂੰ ਤਨਖ਼ਾਹਾਂ ਵੀ ਨਹੀਂ ਮਿਲ ਰਹੀਆਂ ਹਨ। ਇਹ ਜੋ ਸਮਾਜ ਦੀ ਸੇਵਾ ਕਰ ਰਹੇ ਹਨ ਜਿਵੇਂ ਕਿ ਆਸ਼ਾ ਵਰਕਰ ਅਤੇ ਆਂਗਣਵਾੜੀ ਵਰਕਰ, ਉਹਨਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ।ਸੰਧੂ ਸਮੁੰਦਰੀ ਨੇ ਕਿਹਾ ਕਿ ਸਾਨੂੰ ਰਲ ਮਿਲ ਕੇ ਅੰਮ੍ਰਿਤਸਰ ਦੇ ਨਾਲ ਨਾਲ ਅਟਾਰੀ ਦਾ ਵੀ ਵਿਕਾਸ ਕਰਵਾ ਕੇ ਇਸ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਹੋਵੇਗਾ। ਇੱਥੋਂ ਸਰਹੱਦ ਪਾਰ ਨਾਲ ਵਪਾਰ ਅਤੇ ਹੋਰ ਮਸਲੇ ਹਨ ਉਹਨਾਂ ਨੂੰ ਹੱਲ ਕੀਤੇ ਜਾਣਗੇ । ਅਟਾਰੀ ਵਿਖੇ ਬਾਹਰੋਂ ਆਉਣ ਵਾਲੇ ਟੂਰਿਸਟਾਂ ਦੇ ਕਾਰਨ ਨਾ ਕੇਵਲ ਇਹ ਇਤਿਹਾਸਿਕ ਸ਼ਹਿਰ ਹੈ ਸਗੋਂ ਇਸ ਨੂੰ ਇੱਕ ਮਾਡਲ ਸ਼ਹਿਰ ਵਜੋਂ ਵੀ ਵਿਕਸਿਤ ਕੀਤੇ ਜਾਣ ਦੀ ਲੋੜ ਹੈ। ਇਥੇ ਹੋਟਲ ਅਤੇ ਐਗਰੋ ਬੇਸ ਸਨਅਤਾਂ ਲਗਾਈਆਂ ਜਾਣਗੀਆਂ । ਉਹਨਾਂ ਕਿਹਾ ਕਿ ਭਾਰਤ ਦੇ ਦੂਜੇ ਹਿੱਸਿਆਂ ਵਿੱਚ ਜੋ ਵਿਕਾਸ ਹੋਇਆ ਉਹ ਅੰਮ੍ਰਿਤਸਰ ਅਤੇ ਅਟਾਰੀ ਵਿੱਚ ਵੀ ਲਿਆਂਦਾ ਜਾਵੇਗਾ। ਜੋ ਇਥੇ ਵਿਕਾਸ ਕੰਮ ਨਹੀਂ ਹੋਇਆ ਉਹ ਇਸ ਵਾਰ ਕਰਾਏ ਜਾਣਗੇ ।



ਇਸ ਮੌਕੇ ਸੁਸ਼ੀਲ ਦੇਵਗਨ ਨੇ ਕਿਹਾ ਕਿ ਭਾਜਪਾ ਉਮੀਦਵਾਰ ਤਰਨਜੀਤ ਸੰਧੂ ਸਮੁੰਦਰੀ ਵਰਗਾ ਪੜ੍ਹਿਆ ਲਿਖਿਆ ਅਤੇ ਲਿਆਕਤ ਵਾਲਾ ਕਿਸੇ ਵੀ ਹੋਰ ਪਾਰਟੀ 'ਚ ਕੋਈ ਵੀ ਉਮੀਦਵਾਰ ਨਹੀਂ ਹੈ। ਉਨ੍ਹਾਂ ਵਿਕਾਸ ਲਈ ਸੰਧੂ ਨੂੰ ਸਮਰਥਨ ਦੇ ਕੇ ਕਮਲ ਦੇ ਫੁੱਲ 'ਤੇ ਵੋਟ ਪਾਉਣ ਦੀ ਅਪੀਲ ਕੀਤੀ ਹੈ। ਇਸ ਮੌਕੇ ਭੁਪਿੰਦਰ ਸਿੰਘ ਰੰਧਾਵਾ, ਪ੍ਰੋ. ਸਰਚਾਂਦ ਸਿੰਘ, ਪ੍ਰਮੋਦ ਦੇਵਗਨ, ਵਿਜੈ ਵਰਮਾ, ਜਤਿੰਦਰ ਕੁਮਾਰ, ਕਸ਼ਮੀਰ ਸਿੰਘ ਸਰਪੰਚ, ਚਰਨਜੀਤ ਕੌਰ , ਗੁਰਚਰਨ ਸਿੰਘ, ਮੁਰਾਦ ਪਾਲ ਸਿੰਘ, ਪਲਵਿੰਦਰ ਸਿੰਘ, ਮਲਕੀਤ ਸਿੰਘ,ਜੌਨੀ, ਪਾਲਾ ਸਿੰਘ, ਸੋਨੂ ਸੋਹਲ, ਮਨਦੀਪ ਸਿੰਘ, ਰਜੇਸ਼ ਭੋਲਾ, ਰਵੇਲ ਸਿੰਘ ਰੋੜਾਂਵਾਲੀ ਅਤੇ ਸ਼ੇਰਾ ਸਿੰਘ ਰੋੜਾਂਵਾਲੀ ਵੀ ਮੌਜੂਦ ਸਨ।

# ਵਾਰਿਸ ਸ਼ਾਹ ਫ਼ਾਉਂਡੇਸ਼ਨ ਵੱਲੋਂ ਸੁਰਜੀਤ ਪਾਤਰ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ
ਚਰਨਜੀਤ ਸਿੰਘ ਗੁਮਟਾਲਾ

ਵਾਰਿਸ ਸ਼ਾਹ ਫ਼ਾਉਂਡੇਸ਼ਨ ਵੱਲੋਂ ਬਹੁਤ ਹੀ ਹਰਮਨ ਪਿਆਰੇ ਪੰਜਾਬੀ ਦੇ ਸਿਰਮੌਰ ਕਵੀ, ਆਲੋਚਕ ਤੇ ਅਧਿਆਪਕ ਸੁਰਜੀਤ ਪਾਤਰ ਦੀ ਬੇਵਕਤੀ ਮੌਤੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਫ਼ਾਉਂਡੇਸ਼ਨ ਦੇ ਪ੍ਰਧਾਨ ਡਾ. ਬਿਕਰਮ ਸਿੰਘ ਘੁੰਮਣ, ਜਨਰਲ ਸਕੱਤਰ ਡਾ. ਚਰਨਜੀਤ ਸਿੰਘ ਗੁਮਟਾਲਾ ਤੇ ਸਮੂਹ ਮੈਂਬਰਾਨ ਵਲੋਂ ਜਾਰੀ ਇੱਕ ਸਾਂਝੇ ਬਿਆਨਵਿਚ ਕਿਹਾ ਗਿਆ ਹੈ ਕਿ ਉਨ੍ਹਾਂ ਦੇ ਅਕਾਲ ਚਲਾਣੇ ਨਾਲ ਕਦੇ ਵੀ ਨਾ ਪੂਰਾ ਕੀਤਾ ਜਾਣ ਵਾਲਾ ਘਾਟਾ ਪਿਆ ਹੈ।ਉਨ੍ਹਾਂ ਦੇ ਅਕਾਲ ਚਲਾਣੇ ਨਾਲ ਇਕ ਯੁੱਗ ਦਾ ਅੰਤ ਹੋ ਗਿਆ।ਉਨ੍ਹਾਂ ਨੂੰ ਭਾਰਤ ਸਰਕਾਰ ਵਲੋਂ



2012 ਵਿਚ ਪਦਮਸ੍ਰੀ ਨਾਲ ਸਨਮਾਨਿਆ ਜਾਣਾ ਸਾਰੇ ਪੰਜਾਬੀਆਂ ਦਾ ਮਾਣ ਵਾਲੀ ਗਲ ਹੈ।

ਏਸੇ ਤਰ੍ਹਾਂ ਉਨ੍ਹਾਂ ਨੂੰ1993 ਵਿਚ ਹਨੇਰੇ ਵਿਚ ਸੁਲਗਦੀ ਵਰਣਮਾਲਾ 'ਤੇ ਸਾਹਿਤ ਅਕਾਦਮੀ ਪੁਰਸਕਾਰ ਮਿਲਣਾ ਤੇ 1997 ਵਿਚ ਸ਼੍ਰੋਮਣੀ ਕਵੀ ਪੁਰਸਕਾਰ ਮਿਲਣਾ ਵੀ ਸਾਡੇ ਲਈ ਮਾਣ ਵਾਲੀ ਗਲ ਹੈ। ਉਨ੍ਹਾਂ ਨੂੰ ਗਿਆਨਪੀਠ ਤੇ ਕਈ ਹੋਰ ਪੁਰਸਕਾਰਾਂ ਨਾਲ ਨਿਵਾਜਿਆ ਜਾਣਾ ਉਨ੍ਹਾਂ ਦੀ ਉਚ ਕੋਟੀ ਦੀ ਕਾਵਿ ਪ੍ਰਤਿਭਾ ਦਾ ਲਖਾਇਕ ਹੈ।

ਉਹ ਇਸ ਸਮੇਂ ਸਭ ਤੋਂ ਵਧ ਹਰਮਨ ਪਿਆਰੇ ਕਵੀ ਹਨ।ਉਨ੍ਹਾਂ ਨੇ ਕੋਲਾਜ, ਹਵਾ ਵਿਚ ਲਿਖੇ ਹਰਫ਼, ਬਿਰਖ ਅਰਜ ਕਰੇ, ਹਨੇਰੇ ਵਿਚ ਸੁਲਗਦੀ ਵਰਣਮਾਲਾ, ਲਫ਼ਜ਼ਾਂ ਦੀ ਦਰਗਾਹ, ਪਤਝੜ ਦੀ ਪਾਜ਼ੇਬ,ਸੁਰ ਜ਼ਮੀਨ, ਚੰਨ ਸੂਰਜ ਦੀ ਵਹਿੰਗੀ ਤੋਂ ਇਲਾਵਾ ਦਰਜਨ ਦੇ ਕਰੀਬ ਪੁਸਤਕਾਂ ਦੇ ਅਨੁਵਾਦ ਪੰਜਾਬੀ ਸਾਹਿਤ ਦੀ ਝੋਲੀ ਵਿਚ ਪਾਏ। ਉਹ ਅੱਜ ਭਾਵੇਂ ਸਾਡੇ ਵਿੱਚ ਨਹੀਂ ਰਹਿ ਪਰ ਉਨ੍ਹਾਂ ਵੱਲੋਂ ਪੰਜਾਬੀ ਸਾਹਿਤ ਲਈ ਪਾਏ ਵੱਡਮੁੱਲੇ ਯੋਗਦਾਨ ਲਈ ਉਨ੍ਹਾਂ ਨੂੰ ਹਮੇਸ਼ਾਂ ਯਾਦ ਕੀਤਾ ਜਾਂਦਾ ਰਹੇਗਾ ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਬਿੱਟੂ ਦੀ ਸਰਕਾਰੀ ਰਿਹਾਇਸ਼ ਦੇ ਨੋ ਡਿਊ ਸਰਟੀਫਿਕੇਟ ਬਾਰੇ ਸਥਾਨਕ ਸਰਕਾਰਾਂ ਵਿਭਾਗ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੁਧਿਆਣਾ ਤੋਂ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਵੱਲੋਂ ਦਰਜ ਕਰਵਾਈ ਸ਼ਿਕਾਇਤ ਬਾਰੇ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੇ ਪ੍ਰਮੁੱਖ ਸਕੱਤਰ ਤੋਂ ਰਿਪੋਰਟ ਮੰਗੀ ਹੈ।

ਇਸ ਸ਼ਿਕਾਇਤ ਵਿੱਚ ਰਵਨੀਤ ਸਿੰਘ ਬਿੱਟੂ ਦਾ ਕਹਿਣਾ ਹੈ ਕਿ ਨਗਰ ਨਿਗਮ ਕਮਿਸ਼ਨਰ ਨੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਨ੍ਹਾਂ ਨੂੰ ਨੋ ਡਿਊ ਸਰਟੀਫਿਕੇਸ਼ਨ (ਐਨ.ਡੀ.ਸੀ.) ਜਾਰੀ ਨਹੀਂ ਕੀਤਾ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕੀਤੀ ਹੈ।

ਜ਼ਿਕਰਯੋਗ ਹੈ ਕਿ ਰਵਨੀਤ ਸਿੰਘ ਬਿੱਟੂ ਨੇ ਬਿਨੈ-ਪੱਤਰ ਜਮ੍ਹਾਂ ਕਰਨ ਦੇ 48 ਘੰਟਿਆਂ ਦੇ ਅੰਦਰ-ਅੰਦਰ ਲੁਧਿਆਣਾ ਦੇ ਮਿਉਂਸਪਲ ਕਮਿਸ਼ਨਰ ਵੱਲੋਂ ਐਨ.ਡੀ.ਸੀ. ਜਾਰੀ ਨਾ ਕੀਤੇ ਜਾਣ ਸਬੰਧੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਸ਼ਿਕਾਇਤ ਦਿੱਤੀ ਸੀ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਐਨ.ਡੀ.ਸੀ ਜਾਰੀ ਨਾ ਹੋਣ ਕਰਕੇ ਲੋਕ ਸਭਾ ਚੋਣਾਂ 2024 ਵਿੱਚ ਹਿੱਸਾ ਲੈਣ ਲਈ ਉਨ੍ਹਾਂ ਦੀ ਯੋਗਤਾ ਵਿੱਚ ਰੁਕਾਵਟ ਪਈ ਹੈ।

ਇਸ ਮਾਮਲੇ 'ਤੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਚੋਣ ਅਧਿਕਾਰੀ ਨੇ ਪ੍ਰਮੁੱਖ ਸਕੱਤਰ ਨੂੰ ਜਲਦੀ ਜਾਂਚ ਕਰਕੇ ਰਿਪੋਰਟ ਪੇਸ਼ ਕਰਨ ਲਈ ਲਿਖਿਆ ਹੈ ਤਾਂ ਜੋ ਭਾਰਤੀ ਚੋਣ ਕਮਿਸ਼ਨ ਨੂੰ ਇਸ ਮਾਮਲੇ ਸਬੰਧੀ ਜਾਣੂ ਕਰਵਾਇਆ ਜਾ ਸਕੇ।




E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


VOTE & SUPPORT
AAM AADMI PARTY
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL


web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

# ਮੈਂ ਦੁਬਾਰਾ ਜੇਲ੍ਹ ਚਲਿਆ ਗਿਆ ਤਾਂ ਭਾਜਪਾ ਵਾਲੇ ਮੁਫ਼ਤ ਬਿਜਲੀ, ਪਾਣੀ ਅਤੇ ਇਲਾਜ ਰੋਕ ਦੇਣਗੇ -ਕੇਜਰੀਵਾਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

'ਆਪ' ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਐਤਵਾਰ ਨੂੰ ਨਵੀਂ ਦਿੱਲੀ ਸੀਟ ਤੋਂ ਇੰਡੀਆ ਗੱਠਜੋੜ ਦੇ 'ਆਪ' ਉਮੀਦਵਾਰ ਸੋਮਨਾਥ ਭਾਰਤੀ ਅਤੇ ਦੱਖਣ ਦਿੱਲੀ ਤੋਂ ਉਮੀਦਵਾਰ ਮਹਾਬਲ ਮਿਸ਼ਰਾ ਦੇ ਸਮਰਥਨ ਵਿੱਚ ਰੋਡ ਸ਼ੋ ਕੀਤਾ। ਰੋਡ ਸ਼ੋ ਵਿੱਚ ਭਾਰੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਦਿੱਲੀ ਵਾਲਿਆਂ ਨੇ ਅਰਵਿੰਦ ਕੇਜਰੀਵਾਲ ਨੂੰ ਆਪਣਾ ਸਮਰਥਨ ਅਤੇ ਭਰੋਸਾ ਦਿੱਤਾ ਕਿ 25 ਮਈ ਨੂੰ ਦਿੱਲੀ ਵਿਚੋਂ ਭਾਜਪਾ ਗਈ । ਜਨਤਾ ਤੋਂ ਮਿਲ ਰਹੇ ਪਿਆਰ ਅਤੇ ਸਮਰਥਨ ਉੱਤੇ ਖ਼ੁਸ਼ੀ ਜ਼ਾਹਿਰ ਕਰਦੇ ਹੋਏ ਕੇਜਰੀਵਾਲ ਨੇ ਕਿਹਾ ਕਿ ਮੈਂ ਤੁਹਾਡੇ ਲਈ ਚੰਗੇ ਸਕੂਲ - ਹਸਪਤਾਲ ਬਣਾਏ। 24 ਘੰਟੇ ਅਤੇ ਮੁਫ਼ਤ ਬਿਜਲੀ ਅਤੇ ਇਲਾਜ ਦਾ ਪ੍ਰਬੰਧ ਕਰ ਦਿੱਤਾ, ਇਸ ਲਈ ਇਨ੍ਹਾਂ ਨੇ ਮੈਨੂੰ ਜੇਲ੍ਹ ਭੇਜਿਆ। ਜੇਕਰ ਮੈਂ ਦੁਬਾਰਾ ਜੇਲ੍ਹ ਚੱਲਿਆ ਗਿਆ ਤਾਂ ਭਾਜਪਾ ਵਾਲੇ ਤੁਹਾਡਾ ਫ਼ਰੀ ਬਿਜਲੀ - ਪਾਣੀ ਰੋਕ ਦੇਣਗੇ ਅਤੇ ਸਰਕਾਰੀ ਸਕੂਲ - ਹਸਪਤਾਲ ਖ਼ਰਾਬ ਕਰ ਦੇਵਾਂਗੇ । ਲੇਕਿਨ ਜੇਕਰ ਤੁਸੀਂ ਦੱਬ ਕੇ ਝਾੜੂ ਦਾ ਬਟਨ ਦਬਾ ਦਿੱਤਾ ਤਾਂ ਮੈਨੂੰ ਜੇਲ੍ਹ ਜਾਣ ਦੀ ਜ਼ਰੂਰਤ ਨਹੀਂ ਪਵੇਗੀ। ਇਸ ਦੌਰਾਨ ਪੰਜਾਬ ਦੇ ਸੀਐਮ ਭਗਵੰਤ ਮਾਨ ਦੇ ਨਾਲ ''ਆਪ'' ਦੇ ਦੋਵੇਂ ਉਮੀਦਵਾਰ ਸਮੇਤ ਹੋਰ ਉੱਘੇ ਨੇਤਾ ਵੀ ਮੌਜੂਦ ਰਹੇ । ਕਿਹਾ ਕਿ ਅੱਜ ਤੁਸੀ ਲੋਕਾਂ ਦੇ ਵਿੱਚ ਵਿੱਚ ਆਕੇ ਬਹੁਤ ਚੰਗਾ ਲੱਗ ਰਿਹਾ ਹੈ। ਮੈਨੂੰ ਪਤਾ ਹੈ ਕਿ ਤੁਸੀ ਲੋਕਾਂ ਨੇ ਮੈਨੂੰ ਬਹੁਤ ਅਸ਼ੀਰਵਾਦ ਅਤੇ ਦੁਆਵਾਂ ਵਾਂ ਦਿੱਤੀਆਂ। ਤੁਹਾਡੀ ਦੁਆਵਾਂ ਵਾਂ ਮੇਰੇ ਤੱਕ ਪਹੁੰਚ ਰਹੀਆਂ ਸਨ। ਜੇਲ੍ਹ ਵਿੱਚ ਮੈਂ ਤੁਹਾਨੂੰ ਬਹੁਤ ਯਾਦ ਕੀਤਾ ਅਤੇ ਮੈਨੂੰ ਪਤਾ ਹੈ ਕਿ ਤੁਹਾਨੂੰ ਵੀ ਮੇਰੀ ਥੋੜ੍ਹੀ-ਥੋੜ੍ਹੀ ਯਾਦ ਆ ਰਹੀ ਸੀ। ਇਸ ਲਈ ਭਗਵਾਨ ਨੇ ਸਭ ਦੀ ਸੁਣ ਲਈ। ਥੋੜ੍ਹਾ ਦਰਦ ਏਧਰ ਸੀ ਅਤੇ ਥੋੜ੍ਹਾ ਦਰਦ ਤੁਹਾਡੇ ਦਿਲ ਵਿੱਚ ਸੀ। ਇਸ ਲਈ ਸਾਨੂੰ ਮਿਲਾਉਣ ਲਈ ਭਗਵਾਨ ਨੇ ਬੇਲ ਕਰਵਾ ਦਿੱਤੀ। ਇਹ ਲੋਕ ਕਹਿ ਰਹੇ ਹਨ ਕਿ 20 ਦਿਨ ਬਾਅਦ ਵਾਪਸ ਜੇਲ੍ਹ ਜਾਣਾ ਹੈ। ਪਰੰਤੂ ਜਦੋਂ ਤੁਸੀ ਲੋਕ ਬਟਨ ਦਬਾਉਗੇ ਅਤੇ ਜੇਕਰ ਸਾਰਾ ਬਟਨ ਝਾੜੂ ਉੱਤੇ ਦੱਬ ਗਿਆ, ਤਾਂ ਮੈਨੂੰ ਜੇਲ੍ਹ ਜਾਣ ਦੀ ਜ਼ਰੂਰਤ ਨਹੀਂ ਪਵੇਗੀ। ਇਹ ਤਾਕਤ ਤੁਹਾਡੇ ਹੱਥ ਵਿੱਚ ਹੈ । ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੈਂ ਸੋਚ ਰਿਹਾ ਸੀ ਕਿ ਇਨ੍ਹਾਂ ਨੇ ਮੈਨੂੰ ਜੇਲ੍ਹ ਕਿਉਂ ਭੇਜਿਆ, ਮੇਰਾ ਕਸੂਰ ਕੀ ਹੈ ? ਮੇਰਾ ਕਸੂਰ ਇਹ ਹੈ ਕਿ ਮੈਂ ਸਕੂਲ ਬਣਾ ਦਿੱਤੇ। ਜਦੋਂ ਤੁਹਾਡੇ ਬੱਚੀਆਂ ਨੂੰ ਚੰਗੀ ਸਿੱਖਿਆ ਨਹੀਂ ਮਿਲਦੀ ਸੀ, ਤਾਂ ਮੈਂ ਤੁਹਾਡੇ ਬੱਚਿਆਂ ਲਈ ਚੰਗੀ ਸਿੱਖਿਆ ਦਾ ਇੰਤਜ਼ਾਮ ਕਰ ਦਿੱਤਾ। ਇਹੀ ਮੇਰੀ ਗ਼ਲਤੀ ਹੈ।

ਤੁਹਾਡੇ ਘਰ ਵਿੱਚ ਕੋਈ ਬਿਮਾਰ ਹੁੰਦਾ ਸੀ ਤਾਂ ਤੁਸੀ ਪ੍ਰਾਈਵੇਟ ਹਸਪਤਾਲਾਂ ਵਿੱਚ ਹਜ਼ਾਰਾਂ ਲੱਖਾਂ ਰੁਪਏ ਖ਼ਰਚ ਕਰਦੇ ਸਨ। ਮੈਂ ਤੁਹਾਡੇ ਇਲਾਜ ਦਾ ਇੰਤਜ਼ਾਮ ਕਰ ਦਿੱਤਾ, ਇਹ ਮੇਰੀ ਸਭ ਤੋਂ ਵੱਡੀ ਗ਼ਲਤੀ ਹੈ। ਮੈਂ ਦਿੱਲੀ ਦੇ ਲੋਕਾਂ ਲਈ ਫ਼ਰੀ ਦਵਾਈ ਦਾ ਇੰਤਜ਼ਾਮ ਕੀਤਾ, ਲੇਕਿਨ ਜਦੋਂ ਮੈਂ ਤਿਹਾੜ ਗਿਆ ਤਾਂ ਇਨ੍ਹਾਂ ਨੇ ਮੈਨੂੰ 15 ਦਿਨ ਤੱਕ ਸ਼ੂਗਰ ਦੀ ਦਵਾਈ ਨਹੀਂ ਦਿੱਤੀ। ਮੈਨੂੰ ਸ਼ੂਗਰ ਦਾ ਰੋਗ ਹੈ । ਮੈਂ ਰੋਜ਼ 52 ਯੂਨਿਟ ਇੰਸੁਲਿਨ ਲੈਂਦਾ ਹਾਂ। 15 ਦਿਨ ਤੱਕ ਇਨ੍ਹਾਂ ਨੇ ਮੈਨੂੰ ਜੇਲ੍ਹ ਵਿੱਚ ਇੰਸੁਲਿਨ ਨਹੀਂ ਦਿੱਤਾ। ਮੇਰਾ ਕਸੂਰ ਇਹ ਹੈ ਕਿ ਮੈਂ ਤੁਹਾਡੇ ਲਈ 24 ਘੰਟੇ ਅਤੇ ਫ਼ਰੀ ਬਿਜਲੀ ਦਾ ਇੰਤਜ਼ਾਮ ਕੀਤਾ। ਮੈਂ ਲੋਕਾਂ ਲਈ ਕੰਮ ਕੀਤੇ। ਇਸ ਲਈ ਇਨ੍ਹਾਂ ਨੇ ਮੈਨੂੰ ਜੇਲ੍ਹ ਭੇਜ ਦਿੱਤਾ। ਕਿਉਂਕਿ ਇਹ ਨਹੀਂ ਚਾਹੁੰਦੇ ਹਨ ਕਿ ਦਿੱਲੀ ਵਾਲਿਆਂ ਦੇ ਕੰਮ ਹੋਣ।ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹੁਣ ਜੇਕਰ ਮੈਂ ਦੁਬਾਰਾ ਜੇਲ੍ਹ ਚੱਲਿਆ ਗਿਆ , ਤਾਂ ਇਹ ਦਿੱਲੀ ਦੇ ਸਾਰੇ ਕੰਮ ਰੋਕ ਦੇਣਗੇ। ਇਹ ਬੀਜੇਪੀ ਵਾਲੇ ਤੁਹਾਡੀ ਫ਼ਰੀ ਬਿਜਲੀ ਰੋਕਣਾ ਚਾਹੁੰਦੇ ਹਨ, ਤੁਹਾਡੇ ਸਕੂਲ ਖ਼ਰਾਬ ਕਰਨਾ ਚਾਹੁੰਦੇ ਹਨ। ਇਹ ਲੋਕ ਤੁਹਾਡੇ ਹਸਪਤਾਲ ਅਤੇ ਮਹੱਲਾ ਕਲੀਨਿਕ ਬੰਦ ਕਰਨਾ ਚਾਹੁੰਦੇ ਹਨ। ਇਹ ਗੰਦੀ ਰਾਜਨੀਤੀ ਹੈ । ਜੇਕਰ ਕੋਈ ਕੰਮ ਕਰ ਰਿਹਾ ਹੈ ਤਾਂ ਤੁਸੀ ਉਸ ਨੂੰ ਕੰਮ ਕਰਨ ਦੇਵੋ। ਮੈਂ ਦਿੱਲੀ ਵਿੱਚ 500 ਸਕੂਲ ਬਣਾਏ। ਮੋਦੀ ਜੀ ਦੇਸ਼ ਦੇ ਪ੍ਰਧਾਨ ਮੰਤਰੀ ਹਨ। ਉਨ੍ਹਾਂ ਦੀ ਮਹਾਨਤਾ ਤਦ ਹੁੰਦੀ ਜਦੋਂ ਉਹ ਵੀ ਦੇਸ਼ ਭਰ ਵਿੱਚ 5000 ਸਕੂਲ ਬਣਾਉਂਦੇ। ਮੈਂ ਤੁਹਾਡੇ ਬੱਚਿਆਂ ਲਈ ਸਕੂਲ ਬਣਾ ਰਿਹਾ ਹਾਂ ਤਾਂ ਮੈਨੂੰ ਜੇਲ੍ਹ ਵਿੱਚ ਪਾ ਰਹੇ ਹਨ ਅਤੇ ਉਨ੍ਹਾਂ 500 ਸਕੂਲਾਂ ਦੀ ਹਾਲਤ ਖ਼ਰਾਬ ਕਰ ਦਿੰਦੇ ਹਨ। ਇਹ ਗ਼ਲਤ ਰਾਜਨੀਤੀ ਹੈ। ਇਹ ਤਾਨਾਸ਼ਾਹੀ ਹੈ। ਇਸ ਤਾਨਾਸ਼ਾਹੀ ਦੇ ਖ਼ਿਲਾਫ਼ ਅਸੀ ਸਾਰਿਆ ਨੇ ਲੜਨਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਬੀਜੇਪੀ ਵਾਲੇ ਘੁੰਮ-ਘੁੰਮ ਕੇ 400 ਸੀਟ ਮੰਗ ਰਹੇ ਹਨ ? ਜਦੋਂ ਇਨ੍ਹਾਂ ਤੋਂ ਪੁੱਛੋ ਕਿ 400 ਸੀਟ ਕਿਉਂ ਚਾਹੀਦੀ ਹੈ , ਤਾਂ ਇਹ ਦੱਸ ਨਹੀਂ ਰਹੇ। ਇਹ ਕਹਿ ਰਹੇ ਹਨ ਕਿ ਵੱਡੇ ਕੰਮ ਕਰਾਂਗੇ। ਜਦੋਂ ਬੀਜੇਪੀ ਵਾਲੀਆਂ ਤੋਂ ਖ਼ੋਦ-ਖ਼ੋਦ ਕੇ ਪੁੱਛਿਆ ਤਾਂ ਕਹਿੰਦੇ ਹਨ ਕਿ ਅਸੀ ਦੇਸ਼ ਵਿਚੋਂ ਆਰਕਸ਼ਣ ਖ਼ਤਮ ਕਰਾਂਗੇ। ਵੱਡੀ ਮੁਸ਼ਕਲ ਤੋਂ ਪਤਾ ਚੱਲਿਆ ਕਿ ਇਹ ਆਰਕਸ਼ਣ ਖ਼ਤਮ ਕਰਨ ਵਾਲੇ ਹਨ। ਫਿਰ ਜਿਵੇਂ ਰੂਸ ਦੇ ਅੰਦਰ ਪੁਤੀਨ ਨੇ ਸੰਵਿਧਾਨ ਹੀ ਬਦਲ ਦਿੱਤਾ, ਹੁਣ ਉੱਥੇ ਚੋਣ ਨਹੀਂ ਹੁੰਦੀ, ਕੇਵਲ ਪੁਤੀਨ ਹੀ ਕਦੇ ਪ੍ਰਧਾਨ ਮੰਤਰੀ ਤਾਂ ਕਦੇ ਰਾਸ਼ਟਰਪਤੀ ਬਣਦਾ ਰਹਿੰਦਾ ਹੈ। ਇਹ ਵੀ ਦੇਸ਼ ਦਾ ਸੰਵਿਧਾਨ ਬਦਲਣਗੇ ਅਤੇ ਚੋਣ ਬੰਦ ਕਰਵਾ ਦੇਣਗੇ। ਜੇਕਰ ਤੁਸੀ ਦੇਸ਼ ਵਿਚੋਂ ਆਰਕਸ਼ਣ ਅਤੇ ਲੋਕਤੰਤਰ ਨੂੰ ਖ਼ਤਮ ਹੋਣ ਤੋਂ ਬਚਾਉਣਾ ਹੈ ਤਾਂ ਇੱਕ -ਇੱਕ ਆਦਮੀ ਵੋਟ ਪਾਉਣ ਜਾਣਾ ਅਤੇ ਸਿਰਫ਼ ਝਾੜੂ ਦਾ ਬਟਨ ਦਬਾਉਣਾ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਤੁਸੀ ਲੋਕਾਂ ਨੇ ਮੈਨੂੰ ਬਹੁਤ ਪਿਆਰ ਦਿੱਤਾ ਹੈ। ਨਵੀਂ ਦਿੱਲੀ ਤੋਂ ਸੋਮਨਾਥ ਭਾਰਤੀ ਸਾਡੇ ਇੰਡੀਆ ਗੱਠਜੋੜ ਦੇ ਉਮੀਦਵਾਰ ਹਨ ਅਤੇ ਤੀਸਰੇ ਨੰਬਰ ਉੱਤੇ ਸਾਡਾ ਬਟਨ ਹੈ। ਇਸ ਤੋਂ ਪਹਿਲਾਂ ਇੱਥੋਂ ਬੀਜੇਪੀ ਦੀ ਮੀਨਾਕਸ਼ੀ ਲੇਖੀ ਸੰਸਦ ਸਨ, ਉਹ ਕਦੇ ਇੱਥੇ ਸ਼ਕਲ ਵਿਖਾਉਣ ਨਹੀਂ ਆਈਆਂ। ਲੋਕ ਫੋਨ ਕਰਦੇ ਹਨ ਤਾਂ ਉਨ੍ਹਾਂ ਦਾ ਫੋਨ ਵੀ ਨਹੀਂ ਚੁੱਕਦੇ ਸੀ ਅਤੇ ਨਾ ਹੀ ਕਦੇ ਲੋਕਾਂ ਨੂੰ ਮਿਲਦੇ ਹਨ। ਸੋਮਨਾਥ ਭਾਰਤੀ ਮਾਲਵੀਅ ਨਗਰ ਤੋਂ ਵਿਧਾਇਕ ਹਨ , ਤੁਸੀ ਇਨ੍ਹਾਂ ਦੇ ਇਲਾਕੇ ਵਿੱਚ ਜਾ ਕੇ ਪਤਾ ਕਰ ਲਓ। ਮਾਲਵੀਆ ਨਗਰ ਦੇ ਕਿਸੇ ਵੀ ਆਦਮੀ ਤੋਂ ਪੁੱਛ ਲੈਣਾ ਇਹ ਸਾਰਿਆਂ ਦਾ ਫੋਨ ਚੁੱਕਦੇ ਹੋ । ਜੇਕਰ ਅੱਧੀ ਰਾਤ ਵਿੱਚ ਵੀ ਜੇਕਰ ਕੋਈ ਕੰਮ ਪੈ ਜਾਵੇ ਤਾਂ ਇਹ ਤੁਹਾਡਾ ਫੋਨ ਉਠਾਉਣਗੇ, ਤੁਹਾਨੂੰ ਮਿਲਣ ਆਉਣਗੇ ਅਤੇ ਤੁਹਾਡਾ ਕੰਮ ਕਰਾਉਣਗੇ। ਇਹ ਤੁਹਾਡੇ ਸੁਖ-ਦੁੱਖ ਵਿੱਚ ਕੰਮ ਆਉਣਗੇ। ਤੁਸੀ ਸਾਰੇ ਲੋਕ ਇਨ੍ਹਾਂ ਨੂੰ ਵੋਟ ਦੇਣਾ ਅਤੇ ਰਿਕਾਰਡ ਵੋਟਾਂ ਨਾਲ ਜਿਤਾਉਣਾ।

# ਸੈਂਸਰਾਂ ਸਕੂਲ ਵਿਖੇ ਕਰਵਾਏ ਗਏ ਵੋਟਰ ਜਾਗਰੂਕਤਾ ਮੁਕਾਬਲੇ




ਅੰਮ੍ਰਿਤਸਰ
ਧੈਰਿਆ ਮਹਿਰਾ

ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਘਨਸ਼ਾਮ ਥੋਰੀ ਦੀ ਯੋਗ ਅਗੁਵਾਈ ਅਤੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਲੋਪੋਕੇ ਸ਼੍ਰੀਮਤੀ ਅਮਨਦੀਪ ਕੌਰ ਘੁੰਮਣ ਦੇ ਦਿਸ਼ਾ ਨਿਦਰੇਸ਼ਾਂ ਤੇ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਆਮ ਲੋਕਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਰਾਜਾਸਾਂਸੀ ਵਿਧਾਨਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੈਂਸਰਾਂ ਵਿਖੇ ਵੋਟਰ ਜਾਗਰੂਕਤਾ ਮੁਕਾਬਲੇ ਕਰਵਾਏ ਗਏ।ਇਹਨਾਂ ਮੁਕਾਬਲਿਆਂ ਦਾ ਮੁੱਖ ਮਕੱਸਦ ਵਿਦਿਆਰਥੀਆਂ ਰਾਹੀਂ ਵੋਟ ਸੁਨੇਹਾ ਸਮਾਜ ਦੇ ਅਲੱਗ-ਅਲੱਗ ਵਰਗਾਂ ਤੱਕ ਪਹੁੰਚਾਣਾ ਹੈ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੈਂਸਰਾਂ ਦੇ ਪ੍ਰਿੰਸੀਪਲ ਸ.ਬਰਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਦੇ ਚੋਣ ਸਾਖ਼ਰਤਾ ਕਲੱਬ ਵਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਲਗਾਤਾਰ ਵੱਖ-ਵੱਖ ਸਵੀਪ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਉਹਨਾਂ ਦੱਸਿਆ ਕਿ ਉਹਨਾਂ ਨੂੰ ਪੂਰੀ ਆਸ ਹੈ ਕਿ ਸੈਂਸਰਾਂ ਪਿੰਡ ਦੇ ਵੋਟਰ ਇਸ ਵਾਰ ਪਹਿਲਾਂ ਨਾਲੋਂ ਜ਼ਿਆਦਾ ਉਤਸ਼ਾਹ ਨਾਲ ਆਪਣੇ ਵੋਟ ਪਾਉਣ ਦੇ ਹੱਕ ਦੀ ਵਰਤੋਂ ਕਰਣਗੇ।

ਉਹਨਾਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਵਲੋਂ 'ਵੋਟ ਇੰਡੀਆ' ਹਿਊਮਨ ਚੇਨ ਵੀ ਬਣਾਈ ਗਈ।ਉਹਨਾਂ ਕਿਹਾ ਕਿ ਸਕੂਲ ਵਿੱਚ ਕਰਵਾਏ ਗਏ ਪੋਸਟਰ ਮੇਕਿੰਗ ਅਤੇ ਮਹਿੰਦੀ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦਾ ਭਰਪੂਰ ਜੋਸ਼ ਦੇਖਣ ਨੂੰ ਮਿਲਿਆ ਅਤੇ ਉਹਨਾਂ ਵਲੋਂ ਆਪਣੀ ਕਲਾ ਦਾ ਭਰਪੂਰ ਪ੍ਰਦਰਸ਼ਨ ਕੀਤਾ ਗਿਆ।ਉਹਨਾਂ ਕਿਹਾ ਕਿ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਆਪਣੇ ਘਰ ਦੇ ਸਾਰੇ ਮੈਂਬਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟ ਪਾਉਣ ਲਈ ਪ੍ਰੇਰਿਤ ਕਰਨ ਕਰਨ ਲਈ ਕਿਹਾ ਗਿਆ ਹੈ ਅਤੇ ਉਹਨਾਂ ਦੇ ਸਕੂਲ ਵਿੱਚ ਬਣਨ ਵਾਲੇ ਬੂਥ ਲਈ ਸਕੂਲ ਦੇ ਵਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਚੋਣ ਕਾਨੂੰਗੋ ਜਸਬੀਰ ਸਿੰਘ, ਗਗਨਦੀਪ ਕੌਰ, ਚਰਨਜੀਤ ਸਿੰਘ, ਰੇਸ਼ਮ ਸਿੰਘ, ਜਸਬੀਰ ਸਿੰਘ ਦਾ ਇਹਨਾਂ ਗਤੀਵਿਧੀਆਂ ਨੂੰ ਕਰਾਉਣ ਕਈ ਪਾਏ ਗਏ ਯੋਗਦਾਨ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ।




WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354






RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਮਾਲਵੇ ਨੂੰ ਰੇਲ ਲਿੰਕ ਰਾਹੀਂ ਚੰਡੀਗੜ੍ਹ ਨਾਲ ਜੋੜਨ ਲਈ ਉਪਰਾਲੇ ਕੀਤੇ ਜਾਣਗੇ: ਮੀਤ ਹੇਅਰ

**ਸੰਗਰੂਰ ਸਾਂਝੀ ਸੋਚ ਬਿਊਰੋ**

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਪਾਰਲੀਮੈਂਟ ਵਿੱਚ ਮਾਲਵੇ ਖਿੱਤੇ ਨੂੰ ਰੇਲ ਲਿੰਕ ਰਾਹੀਂ ਚੰਡੀਗੜ੍ਹ ਨਾਲ ਜੋੜਨ ਦਾ ਮੁੱਦਾ ਜ਼ੋਰ ਸ਼ੋਰ ਨਾਲ ਉਠਾਇਆ ਜਾਵੇਗਾ ਅਤੇ ਨਵੀਂ ਬਣਨ ਜਾ ਰਹੀ ਕੇਂਦਰ ਸਰਕਾਰ ਤੋਂ ਇਹ ਮੁੱਦਾ ਸਭ ਤੋਂ ਪਹਿਲਾਂ ਹੱਲ ਕਰਵਾਇਆ ਜਾਵੇਗਾ। ਮੀਤ ਹੇਅਰ ਬੀਤੀ ਸ਼ਾਮ ਬਰਨਾਲਾ ਹਲਕੇ ਦੇ ਪਿੰਡਾਂ ਦੇ ਦੌਰਿਆਂ ਤੋਂ ਬਾਅਦ ਬਰਨਾਲਾ ਸ਼ਹਿਰ ਵਿੱਚ ਚੋਣ ਜਲਸਿਆਂ ਨੂੰ ਸੰਬੋਧਨ ਕਰ ਰਹੇ ਸਨ। ਮੀਤ ਹੇਅਰ ਨੇ ਕਿਹਾ ਕਿ ਸੂਬੇ ਵਿੱਚ ਰਾਜ ਕਰਨ ਵਾਲੀਆਂ ਪਿਛਲੀਆਂ ਪਾਰਟੀਆਂ ਨੇ ਟਰਾਂਸਪੋਰਟ ਮਾਫੀਏ ਨੂੰ ਲਾਹਾ ਦੇਣ ਲਈ ਪੂਰੇ ਮਾਲਵੇ ਖਿੱਤੇ ਨੂੰ ਸਭ ਤੋਂ ਸਸਤੇ ਆਵਾਜਾਈ ਸਾਧਨ ਰੇਲ ਰਾਹੀਂ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਨਾਲੋਂ ਤੋੜਿਆ ਰੱਖਿਆ। ਅਬੋਹਰ, ਬਠਿੰਡਾ ਤੋਂ ਤਪਾ, ਬਰਨਾਲਾ, ਧੂਰੀ ਹੁੰਦੀ ਹੋਈ ਰੇਲ ਲਾਈਨ ਰਾਜਪੁਰਾ ਤੋਂ ਅੰਬਾਲਾ ਤੱਕ ਜਾਂਦੀ ਹੈ ਪਰ ਸਿਰਫ ਰਾਜਪੁਰਾ ਤੋਂ 40 ਕਿਲੋਮੀਟਰ ਦੀ ਦੂਰੀ ਉਤੇ ਸਥਿਤ ਚੰਡੀਗੜ੍ਹ ਨੂੰ ਕੋਈ ਸਿੱਧੀ ਰੇਲ ਲਾਈਨ ਨਹੀਂ ਜਾਂਦੀ। ਮਾਲਵੇ ਦੇ ਲੋਕ ਬੱਸਾਂ ਉੱਪਰ ਮਹਿੰਗਾ ਸਫ਼ਰ ਕਰਨ ਲਈ ਮਜਬੂਰ ਹਨ। ਹੁਣ ਵੇਲਾ ਆ ਗਿਆ ਹੈ ਕਿ ਪਾਰਲੀਮੈਂਟ ਵਿੱਚ ਆਮ



ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਭੇਜਿਆ ਜਾਵੇ ਅਤੇ ਅਗਲੀ ਬਣਨ ਵਾਲੀ ਸਰਕਾਰ ਵਿੱਚ ਅਹਿਮ ਰੋਲ ਨਿਭਾ ਕੇ ਪੰਜਾਬ ਦੇ ਮੁੱਦੇ ਸੁਲਝਾਏ ਜਾਣ। ਮੀਤ ਹੇਅਰ ਨੇ ਬਰਨਾਲਾ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿਹਤ, ਸਿੱਖਿਆ, ਕਿਸਾਨੀ, ਵਪਾਰ ਤੇ ਖੇਡਾਂ ਜਿਹੇ ਲੋਕਾਂ ਨਾਲ ਜੁੜੇ ਵਿਸ਼ੇ ਆਮ ਆਦਮੀ ਪਾਰਟੀ ਦੀ ਪ੍ਰਮੁੱਖ ਤਰਜੀਹ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਸੂਬੇ ਵਿੱਚ ਵਿਕਾਸ ਦੀ ਨਵੀਂ ਇਬਾਰਤ ਲਿਖੀ ਹੈ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਨਫ਼ਰਤ ਦੀ ਰਾਜਨੀਤੀ ਨਹੀਂ ਕਰਦੀ ਸਗੋਂ ਵਿਕਾਸ ਦੀ ਸਿਆਸਤ ਕਰਦੀ ਹੈ। ਹਲਕੇ ਦੇ ਵਿਕਾਸ ਲਈ ਇੱਥੇ ਬੁਨਿਆਦੀ ਸਹੂਲਤਾਂ ਦੇ ਨਾਲ ਸਿਹਤ ਤੇ ਸਿੱਖਿਆ ਸੰਸਥਾਵਾਂ ਦਾ ਜਾਲ ਵਿਛਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਦੇ ਹਿੱਤ ਸੁਰੱਖਿਅਤ ਰੱਖੇ ਜਾਣਗੇ।

ਆਮ ਆਦਮੀ ਪਾਰਟੀ ਦੇ ਜ਼ਿਲਾ ਪ੍ਰਧਾਨ ਅਤੇ ਜ਼ਿਲਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਦੀਪ ਸਿੰਘ ਬਾਠ ਨੇ ਕਿਹਾ ਕਿ ਸਮੁੱਚੀ ਪਾਰਟੀ ਮੁੱਖ ਮੰਤਰੀ ਤੇ ਪਾਰਟੀ ਦੀ ਲੀਡਰਸ਼ਿਪ ਦੀ ਧੰਨਵਾਦੀ ਹੈ ਜਿਨ੍ਹਾਂ ਸੰਗਰੂਰ ਹਲਕੇ ਦੀ ਨੁਮਾਇੰਦਗੀ ਲਈ ਬਰਨਾਲਾ ਤੋਂ ਦੋ ਵਾਰ ਐਮ ਐਲ ਏ ਬਣੇ ਨੌਜਵਾਨ ਆਗੂ ਮੀਤ ਹੇਅਰ ਨੂੰ ਚੁਣਿਆ। ਉਨ੍ਹਾਂ ਕਿਹਾ ਕਿ ਬਰਨਾਲਾ ਜ਼ਿਲੇ ਦੇ ਤਿੰਨੇ ਵਿਧਾਨ ਸਭਾ ਹਲਕਿਆਂ ਤੋਂ ਮੀਤ ਹੇਅਰ ਨੂੰ ਵੱਡੀ ਲੀਡ ਦਿਵਾ ਕੇ ਪਾਰਲੀਮੈਂਟ ਵਿੱਚ ਪਹੁੰਚਾਇਆ ਜਾਵੇਗਾ ਅਤੇ "ਸੰਸਦ ਵਿੱਚ ਵੀ ਭਗਵੰਤ ਮਾਨ" ਅਤੇ 13-0 ਦੇ ਮਿਸ਼ਨ ਨੂੰ ਪੂਰਾ ਕੀਤਾ ਜਾਵੇਗਾ।

# ਕੈਨੇਡਾ 'ਚ ਵਿਦੇਸ਼ੀ ਨੌਜਵਾਨ ਕਾਮੇ ਸੰਘਰਸ਼ ਦੇ ਰਾਹ 'ਤੇ 13 ਮਈ ਨੂੰ ਇਕ ਰੋਜ਼ਾ ਹੜਤਾਲ ਦਾ ਐਲਾਨ

**ਪ੍ਰਿੰਸ ਐਡਵਰਡ ਆਈਲੈਂਡ ਸਾਂਝੀ ਸੋਚ ਬਿਊਰੋ**

ਕੈਨੇਡਾ ਦੇ ਸੂਬੇ ਪ੍ਰਿੰਸ ਐਡਵਰਡ ਆਈਲੈਂਡ (ਪੀ. ਈ. ਆਈ.) ਵਿੱਚ ਸੈਂਕੜੇ ਕੱਚੇ ਵਿਦੇਸ਼ੀ ਕਾਮੇ ਇਮੀਗ੍ਰੇਸ਼ਨ ਨੀਤੀਆਂ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਪੀ. ਈ. ਆਈ. ਕੈਨੇਡਾ ਦਾ ਘੱਟ ਵਸੋਂ ਵਾਲਾ ਸੂਬਾ ਹੈ ਅਤੇ ਇਸਦੇ ਪੇਂਡੂ ਖੇਤਰਾਂ ਵਿੱਚ ਵਸੋਂ ਦੇ ਵਾਧੇ ਅਤੇ ਕਾਮਿਆਂ ਦੀ ਘਾਟ ਨੂੰ ਪੂਰਾ ਕਰਨ ਲਈ ਅਕਸਰ ਸੂਬਾ ਸਰਕਾਰਾਂ, ਫੈਡਰਲ ਸਰਕਾਰ ਨਾਲ ਮਿਲਕੇ ਆਪਣੀਆਂ ਇਮੀਗ੍ਰੇਸ਼ਨ ਨੀਤੀਆਂ ਵਿਦੇਸ਼ੀ ਕਾਮਿਆਂ ਲਈ ਨਰਮ ਰੱਖਦੀਆਂ ਆ ਰਹੀਆਂ ਹਨ। ਕੰਮ ਦੀ ਭਾਲ ਅਤੇ ਪੱਕੇ ਹੋਣ ਲਈ ਅਕਸਰ ਵਿਦੇਸ਼ੀ ਕਾਮੇ ਅਜਿਹੇ ਸੂਬਿਆਂ ਵੱਲ ਪ੍ਰਵਾਸ ਕਰਦੇ ਰਹਿੰਦੇ ਹਨ। ਪਰੰਤੂ ਫਰਵਰੀ ਮਹੀਨੇ ਵਿੱਚ ਪੀ. ਈ. ਆਈ. ਸੂਬੇ ਦੀਆਂ ਇਮੀਗ੍ਰੇਸ਼ਨ ਨੀਤੀਆਂ ਵਿੱਚ ਕੀਤੀਆਂ ਗਈਆਂ ਨਵੀਆਂ ਤਬਦੀਲੀਆਂ ਕਰਕੇ ਇਸ ਸੂਬੇ ਵਿੱਚ ਕੰਮ ਕਰਦੇ ਅਨੇਕਾਂ ਅੰਤਰਰਾਸ਼ਟਰੀ ਵਿਦਿਆਰਥੀਆਂ ਅਤੇ ਵਿਦੇਸ਼ੀ ਕਾਮਿਆ ਸਿਰ ਪੱਕੇ ਹੋਣ ਤੇ ਵਰਕ ਪਰਮਿਟ ਦੀ ਮਿਆਦ ਖਤਮ ਹੋਣ ਦੀ ਤਲਵਾਰ ਲਟਕ ਗਈ ਹੈ। ਇਹਨਾਂ ਨਵੀਆਂ ਨੀਤੀਆਂ ਤਹਿਤ ਜਿੱਥੇ ਪੁਆਇੰਟ ਸਿਸਟਮ ਵਿੱਚ ਵਾਧਾ ਕੀਤਾ ਗਿਆ ਹੈ ਉੱਥੇ 'ਵਿਕਰੀ ਅਤੇ ਸੇਵਾਵਾਂ' ਖੇਤਰ ਦੇ ਕਾਮਿਆਂ ਨੂੰ ਸੂਬਾਈ ਨਾਮਜ਼ਦਗੀ ਪ੍ਰੋਗਰਾਮ (ਪੀਐਨਪੀ) ਤੋਂ ਬਾਹਰ ਕਰ ਦਿੱਤਾ ਗਿਆ ਹੈ। ਪੀਐਨਪੀ ਚੋਂ ਬਾਹਰ ਹੋਣ ਕਰਕੇ ਜਿਹਨਾਂ ਕਾਮਿਆਂ ਦੇ ਪੋਸਟ-ਗ੍ਰੈਜੂਏਟ ਵਰਕ ਪਰਮਿਟ (ਪੀਜੀਡਬਲਯੂਪੀ) ਦੀ ਮਿਆਦ ਖਤਮ ਹੋ ਰਹੀ ਹੈ ਉਹ ਅੱਗੇ ਨਹੀਂ ਵਧੇਗੀ ਜਿਸ ਕਾਰਨ ਉਹਨਾਂ ਦਾ ਕੈਨੇਡਾ ਵਿੱਚ ਰਹਿਣਾ ਤੇ ਕੰਮ ਕਰਨਾ




ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗਾ। ਇਮੀਗ੍ਰੇਸ਼ਨ ਨੀਤੀਆਂ ਵਿੱਚ ਹੋਈਆਂ ਇਹਨਾਂ ਤਬਦੀਲੀਆਂ ਨੂੰ ਲੈ ਕੇ ਵਿਦੇਸ਼ੀ ਕਾਮਿਆਂ ਵਿੱਚ ਨਿਰਾਸ਼ਾ ਅਤੇ ਗੁੱਸੇ ਦੀ ਲਹਿਰ ਹੈ। ਇਹ ਵਿਦੇਸ਼ੀ ਨੌਜਵਾਨ ਕਾਮੇ 'ਪ੍ਰੋਟੈਸਟ ਪੀ. ਈ. ਆਈ. 2024' ਨਾਮ ਦੇ ਗਰੁੱਪ ਹੇਠ ਲਾਮਬੰਦ ਹੋ ਕੇ ਸੰਘਰਸ਼ ਕਰ ਰਹੇ ਹਨ।

ਨੌਜਵਾਨ ਕਾਮਿਆਂ ਦੇ ਇਸ ਸੰਘਰਸ਼ ਵਿੱਚ 'ਮੌਂਟਰੀਅਲ ਯੂਥ-ਸਟੂਡੈਂਟ ਆਰਗੇਨਾਈਜੇਸ਼ਨ' (ਮਾਇਸੋ) ਵੱਲੋਂ ਉਹਨਾਂ ਦੇ ਸੰਘਰਸ਼ ਨਾਲ ਇਕਜੁੱਟਤਾ ਜ਼ਾਹਰ ਕਰਦਿਆਂ ਮਾਇਸੋ ਦੀ ਆਗੂ ਮਨਪ੍ਰੀਤ ਕੌਰ ਲੌਂਗੋਵਾਲ ਨੇ ਰੋਸ ਰੈਲੀ ਨੂੰ ਸੰਬੋਧਨ ਕੀਤਾ। ਉਸਨੇ ਕਿਹਾ ਕਿ ਕੈਨੇਡਾ ਸਰਕਾਰ ਨੌਜਵਾਨ ਕਾਮਿਆਂ ਤੇ ਵਿਦਿਆਰਥੀਆਂ ਨੂੰ ਕੱਠਪੁਤਲੀਆਂ ਵਾਂਗ ਨਚਾ ਰਹੀ ਹੈ। ਕਾਮਿਆਂ ਦੀ ਘਾਟ ਤੇ ਵਸੋਂ ਦੇ ਵਾਧੇ ਨੂੰ ਲੈ ਕੇ ਪਹਿਲਾਂ ਵੱਖ-ਵੱਖ ਸੂਬਿਆਂ ਦੀਆਂ ਇਮੀਗ੍ਰੇਸ਼ਨ ਨੀਤੀਆਂ ਨਰਮ ਕਰ ਦਿੱਤੀਆਂ ਜਾਂਦੀਆਂ ਹਨ ਤੇ ਘਾਟ ਪੂਰੀ ਹੋਣ ਤੇ ਅਚਾਨਕ ਇਮੀਗ੍ਰੇਸ਼ਨ ਨੀਤੀਆਂ ਬਦਲਕੇ ਨੌਜਵਾਨਾਂ-ਵਿਦਿਆਰਥੀਆਂ ਦੇ ਭਵਿੱਖ ਦੀ ਡੋਰ ਅੱਧ ਵਿਚਾਲੇ ਕੱਟ ਦਿੱਤੀ ਜਾਂਦੀ ਹੈ। ਉਹਨਾਂ ਕਿਹਾ ਕਿ ਸੰਸਾਰ ਭਰ ਵਿੱਚ ਵੱਧਦੇ ਸੰਕਟ ਕਾਰਨ ਪ੍ਰਵਾਸੀ ਕਾਮਿਆਂ ਉੱਤੇ ਹਮਲੇ ਵੀ ਤੇਜ ਹੋ ਰਹੇ ਹਨ ਤੇ ਇਸ ਸਮੇਂ ਪ੍ਰਵਾਸੀ ਕਾਮਿਆਂ ਨੂੰ ਜਥੇਬੰਦ ਹੋ ਕੇ ਸੰਘਰਸ਼ਾਂ ਦੇ ਰਾਹ ਪੈਣਾ ਚਾਹੀਦਾ ਹੈ। ਇਸ ਸਮੇਂ ਪ੍ਰਭਾਵਿਤ ਨੌਜਵਾਨ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਉਹਨਾਂ 13 ਮਈ ਦਿਨ ਸੋਮਵਾਰ ਨੂੰ ਸ਼ਾਰਲੋਟਾਊਨ ਪੀਐਨਪੀ ਦਫਤਰ ਸਾਹਮਣੇ ਇੱਕ ਰੋਜ਼ਾ ਹੜਤਾਲ ਦਾ ਐਲਾਨ ਕੀਤਾ।

ਉਹਨਾਂ ਦੀਆਂ ਮੰਗਾਂ ਹਨ ਕਿ ਨਵੀਆਂ ਬਦਲੀਆਂ ਨੀਤੀਆਂ ਪਹਿਲਾਂ ਤੋਂ ਕੰਮ ਕਰ ਰਹੇ ਕਾਮਿਆਂ ਉੱਤੇ ਲਾਗੂ ਨਾ ਕੀਤੀਆਂ ਜਾਣ, ਸਾਰੇ ਸੈਕਟਰਾਂ (ਵਿਕਰੀ, ਸੇਵਾਵਾਂ ਤੇ ਭੋਜਨ ਖੇਤਰ) ਵਿੱਚ ਨਿਰਪੱਖ ਨਾਮਜ਼ਦਗੀ ਪ੍ਰੋਗਰਾਮ (ਪੀਐਨਪੀ) ਯਕੀਨੀ ਬਣਾਇਆ ਜਾਵੇ ਅਤੇ ਫੈਡਰਲ ਤੇ ਸੂਬਾ ਸਰਕਾਰਾਂ ਵੱਲੋਂ ਅਚਾਨਕ ਤਬਦੀਲ ਕੀਤੀਆਂ ਨੀਤੀਆਂ ਕਾਰਨ ਪ੍ਰਭਾਵਿਤ ਹੋਏ ਨੌਜਵਾਨ ਕਾਮਿਆਂ ਦੇ ਪੋਸਟ-ਗ੍ਰੈਜੂਏਟ ਵਰਕ ਪਰਮਿਟ (ਪੀਜੀਡਬਲਯੂਪੀ) ਵਧਾਏ ਜਾਣ। 'ਮੌਂਟਰੀਅਲ ਯੂਥ-ਸਟੂਡੈਂਟ ਆਰਗੇਨਾਈਜੇਸ਼ਨ' (ਮਾਇਸੋ) ਦੇ ਆਗੂ ਮਨਪ੍ਰੀਤ ਕੌਰ ਲੌਂਗੋਵਾਲ, ਵਰੁਣ ਖੰਨਾ, ਹਰਿੰਦਰ ਮਹਿਰੋਕ ਤੇ ਖੁਸ਼ਪਾਲ ਗਰੇਵਾਲ ਨੇ ਪੀ. ਈ. ਆਈ. 'ਚ ਵਸਦੇ ਵਿਦੇਸ਼ੀ ਕਾਮਿਆਂ, ਅੰਤਰਰਾਸ਼ਟਰੀ ਵਿਦਿਆਰਥੀਆਂ ਅਤੇ ਇਨਸਾਫਪਸੰਦ ਲੋਕਾਂ ਤੇ ਸੰਸਥਾਵਾਂ ਨੂੰ ਨੌਜਵਾਨਾਂ ਦੇ ਇਸ ਹੱਕੀ ਸੰਘਰਸ਼ ਦਾ ਸਾਥ ਦੇਣ ਦੀ ਅਪੀਲ ਕੀਤੀ।

# ਸਤਿੰਦਰ ਸਰਤਾਜ ਦੇ ਆਕਲੈਂਡ ਸ਼ੋਅ 'ਚ ਜਿੱਤੀ ਮਹਿੰਦਰਾ ਕਾਰ

**ਆਕਲੈਂਡ ਸਾਂਝੀ ਸੋਚ ਬਿਊਰੋ**

ਡਾਕਟਰ ਸਤਿੰਦਰ ਸਰਤਾਜ ਦਾ ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਦਾ ਟੂਰ ਕੱਲ੍ਹ ਹੀ ਸਮਾਪਤ ਹੋਇਆ ਹੈ ਜਿਸ ਵਿੱਚ ਮਹਿੰਦਰਾ ਕਾਰ ਨਿਊਜ਼ੀਲੈਂਡ ਵਾਲੇ ਸਪੌਂਸਰ ਸਨ। ਹਰੇਕ ਸਾਲ ਸਰਤਾਜ ਤਾਰਿਆਂ ਨੂੰ ਛੋਹਣ ਵੱਲ ਵੱਧ ਹੀ ਰਿਹਾ ਜਿਸਦਾ ਮੁੱਖ ਕਾਰਣ ਉਸਦੇ ਬੋਲ ਅਤੇ ਕਲਾਕਾਰੀ ਹੈ ਜੋ ਦਰਸ਼ਕਾਂ ਨੂੰ ਮੋਹ ਲੈਂਦੀ ਹੈ। ਨਿਊਜ਼ੀਲੈਂਡ 'ਚ ਮਹਿੰਦਰਾ ਕਾਰ ਨਿਊਜ਼ੀਲੈਂਡ ਵੱਲੋਂ ਸਪਾਂਸਰ ਕੀਤੇ ਗਏ। ਡਾ.ਸਰਤਾਜ ਦੇ ਮਨਮੋਹਕ ਗੀਤ, ਪ੍ਰਦਰਸ਼ਨ ਅਤੇ ਕਲਾਤਮਕਤਾ ਉਨ੍ਹਾਂ ਨੂੰ ਹਰ ਸਾਲ ਨਵੀਆਂ ਉਚਾਈਆਂ 'ਤੇ ਲੈ ਜਾਂਦੀ ਹੈ। ਆਕਲੈਂਡ ਸ਼ੋਅ ਦੌਰਾਨ, ਮਹਿੰਦਰਾ ਕਾਰ ਨਿਊਜ਼ੀਲੈਂਡ ਨੇ ਇੱਕ ਲੱਕੀ ਡਰਾਅ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ 40,000 ਨਿਊਜ਼ੀਲੈਂਡ ਡਾਲਰ ਦੀ ਕੀਮਤ ਦੀ ਇੱਕ ਮੁਫਤ ਐਸਯੂਵੀ 700 ਦਿੱਤੀ ਗਈ। ਖੁਸ਼ਕਿਸਮਤ ਜੇਤੂ ਸਮਰਤਦੀਪ, ਜਿਸ ਦੀ ਸੀਟ ਨੰਬਰ ਬੀ.ਬੀ 25 ਸੀ, ਨੇ ਨਾ ਸਿਰਫ ਕਾਰ ਜਿੱਤਣ ਲਈ ਬਲਕਿ ਸਤਿੰਦਰ ਸਰਤਾਜ ਦੀ ਮੌਜੂਦਗੀ ਵਿੱਚ ਹੋਣ 'ਤੇ ਵੀ ਖੁਸ਼ੀ ਜ਼ਾਹਰ ਕੀਤੀ। ਸਰਤਾਜ ਨੇ ਸ਼ੋਅ ਨੂੰ ਸਫਲ ਬਣਾਉਣ ਲਈ ਰੇਡੀਓ ਸਾਡੇ ਆਲਾ ਅਤੇ ਮਹਿੰਦਰਾ ਕਾਰ ਨਿਊਜ਼ੀਲੈਂਡ ਦਾ ਧੰਨਵਾਦ ਕੀਤਾ।




ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ
ਸੰਗਰੂਰ
ਹਲਕਾ
ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN

# ਆਮ ਆਦਮੀ ਪਾਰਟੀ ਪੰਜਾਬ ਅਤੇ ਦਿੱਲੀ ਵਾਂਗ ਕੇਂਦਰ ਵਿੱਚ ਵੀ ਹੁਣ ਗਾਰੰਟੀਆਂ ਪੂਰੀਆਂ ਕਰੇਗੀ: ਮੀਤ ਹੇਅਰ



ਧੂਰੀ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਹੈ ਕਿ ਉਨ੍ਹਾਂ ਦੀ ਪਾਰਟੀ ਕੇਂਦਰ ਵਿੱਚ ਭਾਈਵਾਲ ਸਰਕਾਰ ਬਣਨ ਉਤੇ ਪੰਜਾਬ ਤੇ ਦਿੱਲੀ ਦੀ ਤਰਜ਼ ਉਤੇ ਕੇਂਦਰ ਵਿੱਚ ਵੀ ਗਾਰੰਟੀਆਂ ਪੂਰੀਆਂ ਕਰੇਗੀ।

ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰਦਿਆਂ ਮੀਤ ਹੇਅਰ ਨੇ ਕਿਹਾ ਕਿ ਅੱਜ ਸਾਡੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰ ਵਿੱਚ ਭਾਈਵਾਲ ਸਰਕਾਰ ਬਣਨ ਉੱਤੇ ਪੂਰੀਆਂ ਕੀਤੀਆਂ ਜਾਣ ਵਾਲੀਆਂ 10 ਗਾਰੰਟੀਆਂ ਜਾਰੀ ਕੀਤੀਆਂ ਗਈਆਂ ਹਨ ਜਿਨ੍ਹਾਂ ਨੂੰ ਉਵੇਂ ਹੀ ਪੂਰਾ ਕੀਤਾ ਜਾਵੇਗਾ ਜਿਵੇਂ ਦਿੱਲੀ ਅਤੇ ਪੰਜਾਬ ਵਿੱਚ ਆਪ ਸਰਕਾਰ ਵੱਲੋਂ ਕੀਤਾ ਗਿਆ।

ਮੀਤ ਹੇਅਰ ਨੇ ਦੱਸਿਆ ਕਿ ਪਹਿਲੀ ਗਾਰੰਟੀ ਵਿੱਚ ਵਿੱਚ ਦੇਸ਼ ਭਰ ਵਿੱਚ 24 ਘੰਟੇ ਬਿਜਲੀ ਦੇਣੀ ਅਤੇ ਗਰੀਬਾਂ ਨੂੰ ਮੁਫਤ ਬਿਜਲੀ ਦਿੱਤੀ ਜਾਵੇਗੀ। ਦੂਜੀ ਗਾਰੰਟੀ ਵਿੱਚ ਸਰਕਾਰੀ ਸਕੂਲਾਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਬਿਹਤਰ ਬਣਾਉਣਾ ਹੈ, ਤੀਜੀ ਗਾਰੰਟੀ ਵਿੱਚ ਸਾਰਿਆਂ ਨੂੰ ਸਸਤਾ ਤੇ ਬਿਹਤਰ ਇਲਾਜ ਦੇਣਾ ਅਤੇ ਹਰ ਜ਼ਿਲ੍ਹੇ ਵਿੱਚ ਮੁਹੱਲਾ ਕਲੀਨਿਕ ਖੋਲ੍ਹਣਾ, ਚੌਥੀ ਗਾਰੰਟੀ ਵਿੱਚ ਰਾਸ਼ਟਰ ਸੁਰੱਖਿਆ ਦੀ ਹੈ ਜਿਸ ਵਿੱਚ ਚੀਨ ਦਾ ਦਖਲ ਰੋਕਣਾ, ਪੰਜਵੀਂ ਗਾਰੰਟੀ ਵਿੱਚ ਅਗਨੀਵੀਰ ਯੋਜਨਾ ਬੰਦ ਕਰ ਕੇ ਫੌਜ ਵਿੱਚ ਪੱਕੀ ਨੌਕਰੀ ਸ਼ੁਰੂ ਕਰਨਾ, ਛੇਵੀਂ ਗਾਰੰਟੀ ਵਿੱਚ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਤਹਿਤ ਫਸਲ ਦਾ ਪੂਰਾ ਪੈਸਾ ਦੇਣਾ, ਸੱਤਵੀਂ ਗਾਰੰਟੀ ਬੇਰੁਜ਼ਗਾਰੀ ਨੂੰ ਦੂਰ ਕਰਨ ਉਤੇ ਜੰਗੀ ਪੱਧਰ ਉਤੇ ਕੰਮ ਕਰਨਾ, ਅੱਠਵੀਂ ਗਾਰੰਟੀ ਵਿੱਚ ਭਾਜਪਾ ਦੀ ਤਾਨਾਸ਼ਾਹੀ ਰੋਕਣਾ, ਨੌਵੀਂ ਗਾਰੰਟੀ ਵਿੱਚ ਦਿੱਲੀ ਨੂੰ ਮੁਕੰਮਲ ਸੂਬਾ ਬਣਾਉਣਾ ਅਤੇ ਦਸਵੀਂ ਗਾਰੰਟੀ ਵਿੱਚ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਕਰਦੇ ਹੋਏ ਜੀਐਸਟੀ ਨੂੰ ਪੀਐਮਐਲਏ ਤੋਂ ਬਾਹਰ ਕਰਨਾ।


# ਪਟਿਆਲਾ ਪ੍ਰਸ਼ਾਸਨ ਦਾ ਅਨੋਖਾ ਕਾਰਨਾਮਾ
## ਹੁਣ ਕਿਸਾਨਾਂ ਦੇ ਧਰਨੇ ਵਿੱਚ ਲਾਅ ਐਂਡ ਆਰਡਰ ਦੇਖਣਗੇ ਅਧਿਆਪਕ

ਪਟਿਆਲਾ
ਸਾਂਝੀ ਸੋਚ ਬਿਊਰੋ

ਪਟਿਆਲਾ ਪ੍ਰਸ਼ਾਸਨ ਵੱਲੋਂ ਜਾਰੀ ਨਵੇਂ ਹੁਕਮਾਂ ਅਨੁਸਾਰ ਹੁਣ ਸ਼ੰਭੂ ਅਤੇ ਢਾਬੀ ਗੁੱਜਰਾਂ ਦੇ ਬਾਰਡਰ ਉੱਤੇ ਲੱਗੇ ਕਿਸਾਨਾਂ ਦੇ ਧਰਨੇ ਵਿੱਚ ਲਾਅ ਐਂਡ ਆਰਡਰ ਦੇਖਣ ਲਈ ਜ਼ਿਲ੍ਹੇ ਦੇ ਅਧਿਆਪਕਾਂ ਦੀ ਡਿਊਟੀ ਲਗਾਈ ਗਈ ਹੈ। ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀਟੀਐੱਫ) ਵੱਲੋਂ ਪਟਿਆਲਾ ਪ੍ਰਸ਼ਾਸਨ ਦੁਆਰਾ ਅਧਿਆਪਕਾਂ ਦੀਆਂ ਸ਼ੰਭੂ ਅਤੇ ਢਾਬੀ ਗੁੱਜਰਾਂ ਦੇ ਬਾਰਡਰ ਉੱਪਰ ਕਿਸਾਨ ਯੂਨੀਅਨ ਦੁਆਰਾ ਲਗਾਏ ਗਏ ਧਰਨੇ ਵਿੱਚ ਲਾਅ ਐਂਡ ਆਰਡਰ ਮੈਨਟੇਨ ਕਰਨ ਦੀ ਬਤੌਰ ਸਪੈਸ਼ਲ ਡਿਊਟੀ ਮਜਿਸਟਰੇਟ ਡਿਊਟੀ ਲਗਾਉਣ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੀਟੀਐੱਫ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਰੱਖੜਾ, ਜਨਰਲ ਸਕੱਤਰ ਜਸਪਾਲ ਖਾਂਗ ਅਤੇ ਖਜਾਨਚੀ ਰਜਿੰਦਰ ਸਮਾਣਾ ਨੇ ਕਿਹਾ ਕਿ ਕਿਸਾਨ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾਉਣ ਦੇ ਲਈ ਧਰਨੇ ਉੱਪਰ ਬੈਠੇ ਹਨ। ਕਿਸਾਨਾਂ ਦੇ ਧਰਨੇ ਵਿੱਚ ਅਧਿਆਪਕਾਂ ਦੀ ਡਿਊਟੀ ਲਗਾਉਣਾ ਸਰਕਾਰ ਦੀ ਇੱਕ ਸੋਚੀ ਸਮਝੀ ਕੋਝੀ ਚਾਲ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਭਗਵੰਤ ਮਾਨ ਸਰਕਾਰ ਇਹ ਦਾਅਵਾ ਕਰਦੀ ਹੈ ਕਿ ਅਧਿਆਪਕਾਂ ਦੀਆਂ ਗੈਰ-ਵਿਦਿਅਕ ਡਿਊਟੀਆਂ ਨਹੀਂ ਲਗਾਈਆਂ ਜਾਣਗੀਆਂ ਦੂਸਰੇ ਪਾਸੇ ਪ੍ਰਸ਼ਾਸਨ ਆਪਣੇ ਅਜੀਬੋ-ਗਰੀਬ ਫੈਸਲੇ ਤਹਿਤ ਅਧਿਆਪਕਾਂ ਦੀਆਂ ਗੈਰ ਵਿਦਿਅਕ ਕੰਮਾਂ 'ਚ ਡਿਊਟੀਆਂ ਲਗਾ ਰਿਹਾ ਹੈ। ਉਹਨਾਂ ਦੱਸਿਆ ਕਿ ਸਰਕਾਰ ਨੇ ਲਗਭਗ 17 ਹਜਾਰ ਦੇ ਕਰੀਬ ਅਧਿਆਪਕ ਬੀਐੱਲਓ ਡਿਊਟੀ ਦੇ ਨਾਂ ਤੇ ਸਕੂਲਾਂ ਤੋਂ ਪਹਿਲਾਂ ਹੀ ਬਾਹਰ ਕੀਤੇ ਹੋਏ ਹਨ ਅਤੇ ਲਗਭਗ ਇੰਨੇ ਹੀ ਅਧਿਆਪਕਾਂ ਦੀ ਡਿਊਟੀ ਲੋਕ ਸਭਾ ਚੋਣਾਂ ਵਿੱਚ ਵੀ ਲਗਾਈ ਗਈ ਹੈ।

ਆਗੂਆਂ ਨੇ ਕਿਹਾ ਕਿ ਲਾਅ ਐਂਡ ਆਰਡਰ ਨੂੰ ਮੈਨਟੇਨ ਕਰਨ ਦਾ ਕੰਮ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦਾ ਹੈ ਨਾ ਕਿ ਅਧਿਆਪਕਾਂ ਦਾ। ਪਹਿਲਾਂ ਹੀ ਕਿਤਾਬਾਂ ਅਤੇ ਅਧਿਆਪਕਾਂ ਦੀ ਘਾਟ ਨਾਲ ਜੂਝ ਰਹੇ ਜਨਤਕ ਸਿੱਖਿਆ ਖੇਤਰ ਲਈ ਇਹੋ ਜਿਹੇ ਫੈਸਲੇ ਮਾਰੂ ਸਾਬਿਤ ਹੋਣਗੇ, ਜਿਸ ਦੀ ਡੀਟੀਐੱਫ ਪੁਰਜ਼ੋਰ ਨਿਖੇਧੀ ਕਰਦੇ ਹੋਏ ਮੰਗ ਕਰਦੀ ਹੈ ਕਿ ਅਧਿਆਪਕਾਂ ਦੀਆਂ ਕਿਸੇ ਵੀ ਪ੍ਰਕਾਰ ਦੀਆਂ ਗੈਰ-ਵਿਦਿਅਕ ਡਿਊਟੀਆਂ ਨਾ ਲਗਾਈਆਂ ਜਾਣ।



ਦਫਤਰ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ

[illegible]

| ਲੜੀ ਨੰਬਰ | ਸਪੈਸ਼ਲ ਡਿਊਟੀ ਮੈਜਿਸਟਰੇਟ | ਪੁਲਿਸ ਵਿਭਾਗ | ਡਿਊਟੀ ਸਥਾਨ | ਮਿਤੀ ਅਤੇ ਸਮਾਂ |
|---|---|---|---|---|
| 1. | [illegible] 95017-00168 | Sh. Butta Singh PPS, DSP/Ghanour 95929-12592 | ਸ਼ੰਭੂ ਬਾਰਡਰ | 10-05-2024, 11-05-2024, 12-05-2024, 13-05-2024 ਸਵੇਰੇ 7:00 ਵਜੇ ਤੋਂ ਦੁਪਹਿਰ 3:00 ਵਜੇ ਤੱਕ |
| 2. | [illegible] 95010-17151 | | | 10-05-2024, 11-05-2024, 12-05-2024, 13-05-2024 ਦੁਪਹਿਰ 3:00 ਵਜੇ ਤੋਂ ਰਾਤ 11:00 ਵਜੇ ਤੱਕ |
| 3. | [illegible] 99142-24040 | | | 10-05-2024, 11-05-2024, 12-05-2024, 13-05-2024 ਰਾਤ 11:00 ਵਜੇ ਤੋਂ ਸਵੇਰੇ 7:00 ਵਜੇ ਤੱਕ |
| 4. | [illegible] 75085-30615 | Sh. Daljit Singh Virk, PPS, DSP/Patran 95929-12513 | ਢਾਬੀ ਗੁਜਰਾਂ | 10-05-2024, 11-05-2024, 12-05-2024, 13-05-2024 ਸਵੇਰੇ 7:00 ਵਜੇ ਤੋਂ ਦੁਪਹਿਰ 3:00 ਵਜੇ ਤੱਕ |
| 5. | [illegible] 99144-66654 | | | 10-05-2024, 11-05-2024, 12-05-2024, 13-05-2024 ਦੁਪਹਿਰ 3:00 ਵਜੇ ਤੋਂ ਰਾਤ 11:00 ਵਜੇ ਤੱਕ |
| 6. | [illegible] | | | 10-05-2024, 11-05-2024, 12-05-2024, 13-05-2024 ਰਾਤ 11:00 ਵਜੇ ਤੋਂ ਸਵੇਰੇ 7:00 ਵਜੇ ਤੱਕ |









# GINNY BEDI LAW PC



Ginny Bedi Attorney

- Immigration
- Divorce
- Custody and Support issues
- Business Disputes
- Living Trusts
- Criminal Matters
- Misdemeanors
- DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella

Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ




Find nearest Location & Hours

Call at 1800-405-9274 or visit our website for credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com

ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

## ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

### ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ

**ਸਥਾਨ :** Pooja Restaurant, 1223 Merkely Ave. West Sacramento, 95691

**ਪ੍ਰੋਗਰਾਮ**

- ਉਦਘਾਟਨ : 9.00 ਵਜੇ ਸਵੇਰੇ
- ਕਵੀ ਸੰਮੇਲਨ : 11.00 ਵਜੇ
- ਦੁਪਹਿਰ ਦਾ ਖਾਣਾ : 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ : 2.00 ਵਜੇ
- ਗੀਤ ਸੰਗੀਤ : 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

**ਦਲਵੀਰ 'ਦਿਲ' ਨਿੱਜਰ**
ਪ੍ਰਧਾਨ
916-628-2210

ਉਡੀਕਵਾਨ :
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

**ਗੁਰਜਤਿੰਦਰ ਸਿੰਘ ਰੰਧਾਵਾ**
ਜਨਰਲ ਸਕੱਤਰ
916-320-9444

---

*Invitation by*

# Punjabi Sahit Sabha, California

Sacramento/Yuba City

20th

## International Punjabi Conference

**Place:** Pooja Restaurant, 1223 Merkely Ave. West Sacramento, 95691

**Programme**

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

Where Hope Meets

IMMIGRATION OPPORTUNITIES

USA SERVICES :

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

# ਦੋ ਪ੍ਰੇਰਕ ਪ੍ਰਸੰਗ

## ਅਸਲੀਅਤ

ਰਾਜਾ ਭੋਜ ਦੇ ਦਰਬਾਰ ਵਿੱਚ ਇੱਕ ਵਿਦਵਾਨ ਆਇਆ। ਉਹ ਬਹੁਤ ਸਾਰੀਆਂ ਭਾਸ਼ਾਵਾਂ ਬਿਨਾਂ ਰੁਕਿਆਂ ਬੋਲ ਸਕਦਾ ਸੀ। ਭੋਜ ਇਹ ਜਾਣਨਾ ਚਾਹੁੰਦਾ ਸੀ ਕਿ ਉਹਦੀ ਮਾਤਭਾਸ਼ਾ ਕਿਹੜੀ ਹੈ। ਪਰ ਸੰਕੋਚਵੱਸ ਪੁੱਛ ਨਾ ਸਕਿਆ।

ਵਿਦਵਾਨ ਦੇ ਜਾਣ ਪਿੱਛੋਂ ਰਾਜੇ ਨੇ ਆਪਣੀ ਸ਼ੰਕਾ ਦਰਬਾਰੀਆਂ ਨੂੰ ਦੱਸੀ ਅਤੇ ਪੁੱਛਿਆ - "ਕੀ ਤੁਹਾਡੇ 'ਚੋਂ ਕੋਈ ਦੱਸ ਸਕਦਾ ਹੈ ਕਿ ਵਿਦਵਾਨ ਦੀ ਮਾਤਭਾਸ਼ਾ ਕਿਹੜੀ ਹੈ।"

ਵਿਦੂਸ਼ਕ ਨੇ ਕਿਹਾ- "ਅੱਜ ਨਹੀਂ ਤਾਂ ਕੱਲ੍ਹ ਮੈਂ ਪਤਾ ਲਾ ਕੇ ਦੱਸ ਦਿਆਂਗਾ ਕਿ ਉਹਦੀ ਮਾਤਭਾਸ਼ਾ ਕੀ ਹੈ।" ਅਗਲੇ ਦਿਨ ਨਿਸ਼ਚਿਤ ਸਮੇਂ ਤੇ ਵਿਦਵਾਨ ਪੰਡਤ ਆਇਆ ਅਤੇ ਦਰਬਾਰ ਖਤਮ ਹੋਣ ਤੇ ਜਾਣ ਲੱਗਿਆ ਤਾਂ ਵਿਦੂਸ਼ਕ ਨੇ ਉਹਨੂੰ ਪੌੜੀਆਂ ਤੋਂ ਧੱਕਾ ਦੇ ਦਿੱਤਾ। ਜਿਸ ਭਾਸ਼ਾ ਵਿੱਚ ਉਹ ਵਿਦੂਸ਼ਕ ਨੂੰ ਗਾਲਾਂ ਕੱਢ ਰਿਹਾ ਸੀ, ਉਹਨੂੰ ਹੀ ਉਹਦੀ ਮਾਤਭਾਸ਼ਾ ਮੰਨ ਲਿਆ ਗਿਆ।

ਪ੍ਰਤੀਕਰਮ ਵਜੋਂ ਰਾਜੇ ਨੇ ਵੀ ਵਿਦੂਸ਼ਕ ਨੂੰ ਬੁਰਾ-ਭਲਾ ਕਿਹਾ ਅਤੇ ਮਨ ਹੀ ਮਨ ਉਹਦੀ ਸੂਝ ਦੀ ਪ੍ਰਸ਼ੰਸਾ ਕੀਤੀ। ਵਿਦਵਾਨ ਦੇ ਜਾਣ ਪਿੱਛੋਂ ਵਿਦੂਸ਼ਕ ਬੋਲਿਆ - "ਤੋਤਾ ਉਦੋਂ ਤੱਕ ਹੀ ਰਾਮ ਰਾਮ ਕਹਿੰਦਾ ਹੈ, ਜਦੋਂ ਤੱਕ ਕਿਸੇ ਮੁਸੀਬਤ ਵਿੱਚ ਨਹੀਂ ਫੱਸਦਾ। ਪਰ ਜਦੋਂ ਬਿੱਲੀ ਸਾਹਮਣੇ ਆਉਂਦੀ ਹੈ ਤਾਂ ਟੈਂ ਟੈਂ ਕਰਨ ਲੱਗਦਾ ਹੈ। ਇਸੇ ਤਰ੍ਹਾਂ ਮਨੁੱਖ ਵੀ ਗੁੱਸੇ ਵਿੱਚ ਅਸਲੀ ਭਾਸ਼ਾ ਬੋਲਣ ਲੱਗਦਾ ਹੈ।

ਰਾਜੇ ਨੇ ਕਿਹਾ- "ਮੁਸ਼ਕਿਲ ਆਉਣ ਤੇ ਮਨੁੱਖ ਦੀ ਅਸਲੀਅਤ ਦਾ ਪਤਾ ਲੱਗਦਾ ਹੈ। ਸਧਾਰਨ ਸਮੇਂ ਲੋਕ ਪਰਦੇ ਹੇਠ ਛੁਪੇ ਰਹਿੰਦੇ ਹਨ ਪਰ ਮੁਸ਼ਕਿਲ ਦੇ ਸਮੇਂ ਵਿੱਚ ਉਵੇਂ ਹੀ ਵਿਹਾਰ ਕਰਦੇ ਹਨ, ਜਿਵੇਂ ਕਿ ਅਸਲ ਵਿੱਚ ਹੁੰਦੇ ਹਨ।"

****

## ਸੱਚਾ ਇਨਸਾਨ

ਰਾਮਾਨੁਜਾਚਾਰੀਆ ਪ੍ਰਾਚੀਨ ਕਾਲ ਵਿੱਚ ਇੱਕ ਪ੍ਰਸਿੱਧ ਵਿਦਵਾਨ ਸਨ। ਉਨ੍ਹਾਂ ਦਾ ਜਨਮ ਮਦਰਾਸ ਦੇ ਨੇੜੇ ਪੇਰੂਬਦੂਰ ਪਿੰਡ ਵਿੱਚ ਹੋਇਆ। ਬਚਪਨ ਵਿੱਚ ਉਨ੍ਹਾਂ ਨੂੰ ਵਿਦਿਆ ਪ੍ਰਾਪਤ ਕਰਨ ਲਈ ਭੇਜਿਆ ਗਿਆ। ਰਾਮਾਨੁਜ ਦੇ ਗੁਰੂ ਨੇ ਬੜੇ ਪਿਆਰ ਨਾਲ ਸਿੱਖਿਆ ਦਿੱਤੀ।

ਪੜ੍ਹਾਈ ਖਤਮ ਹੋਣ ਤੇ ਗੁਰੂ ਨੇ ਕਿਹਾ "ਪੁੱਤਰ, ਮੈਂ ਤੈਨੂੰ ਇੱਕ ਮੰਤਰ ਦੱਸਦਾ ਹਾਂ। ਇਸ ਮੰਤਰ ਦੇ ਸੁਣਨ ਨਾਲ ਸਵਰਗਲੋਕ ਦੀ ਪ੍ਰਾਪਤੀ ਹੁੰਦੀ ਹੈ।" ਰਾਮਾਨੁਜ ਨੇ ਬੜੀ ਸ਼ਰਧਾ ਨਾਲ ਸਿੱਖਿਆ ਲਈ। ਉਹ ਮੰਤਰ ਸੀ ਓਮ ਨਮੋ ਨਾਰਾਇਣਯ ਆਸ਼ਰਮ ਛੱਡਣ ਤੋਂ ਪਹਿਲਾਂ ਗੁਰੂ ਜੀ ਨੇ ਚਿਤਾਵਨੀ ਦਿੱਤੀ ਕਿ ਇਹ ਮੰਤਰ ਕਿਸੇ ਅਯੋਗ ਬੰਦੇ ਦੇ ਕੰਨਾਂ ਵਿੱਚ ਨਾ ਪਵੇ।ਰਾਮਾਨੁਜ ਨੇ ਸੋਚਿਆ ਇਸ ਮੰਤਰ ਦੀ ਸ਼ਕਤੀ ਕਿੰਨੀ ਵੱਡੀ ਹੈ। ਜੇ ਇਸਨੂੰ ਸਿਰਫ਼ ਸੁਣਨ ਨਾਲ ਹੀ ਸਵਰਗ ਦੀ ਪ੍ਰਾਪਤੀ ਹੋ ਸਕਦੀ ਹੈ ਤਾਂ ਕਿਉਂ ਨਾ ਮੈਂ ਸਾਰਿਆਂ ਨੂੰ ਇਹ ਮੰਤਰ ਸਿਖਾ ਦਿਆਂ! ਉਨ੍ਹਾਂ ਨੇ ਸਮੁੱਚੇ ਰਾਜ ਵਿੱਚ ਉਕਤ ਮੰਤਰ ਦਾ ਜਾਪ ਸ਼ੁਰੂ ਕਰਵਾ ਦਿੱਤਾ। ਸਾਰੇ ਜਣੇ ਉਸ ਮੰਤਰ ਦਾ ਜਾਪ ਕਰਨ ਲੱਗੇ। ਗੁਰੂ ਜੀ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੂੰ ਬੜਾ ਗੁੱਸਾ ਆਇਆ। ਰਾਮਾਨੁਜ ਨੇ ਉਨ੍ਹਾਂ ਨੂੰ ਸ਼ਾਂਤ ਕਰਦਿਆਂ ਉੱਤਰ ਦਿੱਤਾ "ਗੁਰੂ ਜੀ, ਇਸ ਮੰਤਰ ਦੇ ਜਾਪ ਨਾਲ ਸਾਰੇ ਸਵਰਗ ਨੂੰ ਚਲੇ ਜਾਣਗੇ।ਸਿਰਫ਼ ਮੈਂ ਹੀ ਨਹੀਂ ਜਾ ਸਕਾਂਗਾ, ਕਿਉਂਕਿ ਮੈਂ ਤੁਹਾਡੀ ਆਗਿਆ ਦਾ ਪਾਲਣ ਨਹੀਂ ਕੀਤਾ। ਸਿਰਫ਼ ਮੈਂ ਹੀ ਨਰਕ ਵਿੱਚ ਜਾਵਾਂਗਾ। ਜੇ ਮੇਰੇ ਨਰਕ ਵਿੱਚ ਜਾਣ ਨਾਲ ਸਭ ਨੂੰ ਸਵਰਗ ਮਿਲਦਾ ਹੈ ਤਾਂ ਇਸ ਵਿੱਚ ਕੀ ਨੁਕਸਾਨ ਹੈ!" ਗੁਰੂ ਜੀ ਨੇ ਸ਼ਿਸ਼ ਦਾ ਜਵਾਬ ਸੁਣ ਕੇ ਉਹਨੂੰ ਗਲੇ ਲਾ ਲਿਆ ਅਤੇ ਬੋਲੇ ਪੁੱਤਰ, ਤੂੰ ਮੇਰੀਆਂ ਅੱਖਾਂ ਖੋਲ੍ਹ ਦਿੱਤੀਆਂ ਹਨ। ਤੂੰ ਨਰਕ ਕਿਵੇਂ ਜਾ ਸਕਦਾ ਹੈਂ। ਸਾਰਿਆਂ ਦਾ ਭਲਾ ਸੋਚਣ ਵਾਲਾ ਸਦਾ ਹੀ ਸੁਖੀ ਰਹਿੰਦਾ ਹੈ। ਤੂੰ ਸੱਚੇ ਅਰਥਾਂ ਵਿੱਚ ਆਚਾਰੀਆ ਹੈਂ! ਰਾਮਾਨੁਜ ਆਪਣੇ ਗੁਰੂ ਦੇ ਚਰਨਾਂ ਵਿੱਚ ਝੁਕ ਗਏ।







VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL


CIS
CALIFORNIA
IMMIGRATION SERVICES
YOUR REGISTERED & BONDED “IMMIGRATION-CONSULTANTS”
➤ FAMILY PETITION
➤ CITIZENSHIP
➤ GREEN CARD PETITION
➤ BUSINESS/VISITOR VISA
➤ STUDENT VISA
➤ CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference
BARKLEY
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205



ਰਵਿੰਦਰ ਸਿੰਘ ਕੁੰਦਰਾ
ਕਵੈਂਟਰੀ ਯੂ.ਕੇ
+44 77487-72308

# ਬੀਮਾਰੀਆਂ ਦਾ ਘਰ

ਉਹ ਕਿਹੜੀ ਹੈ ਬੀਮਾਰੀ, ਜਿਹੜੀ ਮੈਨੂੰ ਨਹੀਂ ਚਿੰਬੜੀ,
ਪੁੱਛ ਨਾ ਤੂੰ ਹਾਲ ਮੇਰਾ, ਛੇੜ ਨਾ ਕੋਈ ਚਿੰਜੜੀ।
ਦੱਸਣ ਮੈਂ ਲੱਗਾ ਜਦੋਂ, ਤੈਥੋਂ ਨਹੀਉਂ ਸੁਣ ਹੋਣਾ,
ਹੰਝੂ ਤੇਰੇ ਵਗਣਗੇ, ਰੁਕਣਾ ਨਹੀਂ ਤੇਰਾ ਰੋਣਾ।
ਫੇਰ ਵੀ ਜੇ ਚਾਹੁਨਾਂ ਏਂ, ਖੋਲ੍ਹਾਂ ਮੈਂ ਦੁੱਖਾਂ ਦੀ ਪਟਾਰੀ,
ਹੈ ਤੇਰੇ ਕੋਲ ਸਮਾਂ, ਪੂਰਾ ਦਿਨ ਅਤੇ ਰਾਤ ਸਾਰੀ?
ਭੱਜਣ ਨਹੀਂ ਦੇਣਾ ਤੈਨੂੰ, ਅੱਧਵਾਟੇ ਛੱਡ ਕੇ,
ਘੇਰ ਕੇ ਸੁਣਾਊਂਗਾ ਮੈਂ, ਦੁੱਖ ਸਾਰੇ ਰੱਜ ਕੇ।
ਕਿਹੜਾ ਏ ਉਹ ਅੰਗ ਜਿੱਥੇ,
ਪੀੜ ਨਹੀਉਂ ਹੋਂਵਦੀ,
ਕੋਈ ਵੀ ਦਵਾਈ ਮੇਰੇ, ਨੇੜੇ ਨਹੀਉਂ ਪੋਂਹਵੰਦੀ।
ਗਿਣਾਵੇ ਉਹ ਬੀਮਾਰੀਆਂ, ਕੋਈ ਜੇ ਗਿਣਾ ਸਕੇ,
ਜਾਣਦਾਂ ਮੈਂ ਸਾਰੀਆਂ ਨੂੰ, ਹਰੇਕ ਮੇਰੇ ਪਿੰਡੇ ਵਸੇ।
ਵਾਰੀਆਂ ਇਹ ਪਾ ਕੇ ਮੈਨੂੰ, ਮੁੜ ਮੁੜ ਢਾਉਂਦੀਆਂ,
ਇੱਕ ਦੂਜੇ ਤੋਂ ਅੱਗੇ ਵਧ,
ਪਿਆਰ ਨੇ ਜਤਾਉਂਦੀਆਂ।
ਕਈ ਰਹਿਣ ਕੁੱਛ ਦਿਨ, ਤੇ ਕਈ ਰਹਿਣ ਸਾਲੋ ਸਾਲ,
ਛੱਡਣ ਨਾ ਖਹਿੜਾ ਮੇਰਾ, ਕਰਦੀਆਂ ਬੁਰਾ ਹਾਲ।
ਕਦੀ ਕੁੱਛ ਦਿਨਾਂ ਲਈ, ਜੇ ਮੈਨੂੰ ਲੱਗੇ ਸਭ ਠੀਕ,
ਯਕੀਨ ਜਾਣੋਂ ਮੈਨੂੰ ਲੱਗ, ਜਾਂਦੀ ਉਨ੍ਹਾਂ ਦੀ ਉਡੀਕ।
ਲੱਗਦਾ ਹੈ ਜਿਵੇਂ ਮੈਨੂੰ, ਪਿਆਰ ਜਿਹਾ ਹੋ ਗਿਆ,
ਇਨ੍ਹਾਂ ਬਿਨਾ ਮੇਰਾ ਜਿਵੇਂ, ਜੀਵਨ ਖਲੋ ਗਿਆ।
ਸਾਹ ਇੱਕ ਦੂਜੇ ਨਾਲ਼, ਖਹਿੰਦਾ ਜਿਹਾ ਲੱਗਦਾ
ਠੱਕ ਠੱਕ ਦਿਲ ਵੱਜੇ, ਜਿਵੇਂ ਢੋਲ ਵੱਜਦਾ।
ਪਿੱਤਾ ਅਤੇ ਗੁਰਦੇ ਵੀ, ਢਿੱਲੇ ਜਿਹੇ ਰਹਿੰਦੇ ਨੇ,
ਨਵੇਂ ਨੇ ਉਹ ਪੈਣ ਵਾਲ਼ੇ, ਡਾਕਟਰ ਕਹਿੰਦੇ ਨੇ।
ਫੋੜੇ ਜਿਹੇ ਕਈ ਵਾਰੀਂ, ਥਾਂ ਥਾਂ ਤੇ ਦਿਸਦੇ,
ਮੱਲ੍ਹਮਾਂ ਦੇ ਬਾਵਜੂਦ, ਭਰ ਭਰ ਫਿੱਸਦੇ।
ਦਵਾਈਆਂ ਵਾਲੇ ਪੁੜੇ ਵੀ, ਮੈਂ ਰੱਖਾਂ ਨਿੱਤ ਸਾਂਭ ਸਾਂਭ,
ਦਵਾਈਆਂ ਬਿਨਾ ਘਰ ਹੁਣ, ਲੱਗਦਾ ਨਹੀਂ ਆਮ ਵਾਂਗ।
ਪੀਲੀਆਂ ਤੇ ਨੀਲੀਆਂ, ਲਾਲ ਤੇ ਗੁਲਾਬੀ ਕਈ,
ਚਾਵਾਂ ਨਾਲ ਗਿਣ ਗਿਣ, ਖਾਵਾਂ ਫੱਕੇ ਮਾਰ ਬਈ।
ਭੁੱਖ ਹੁਣ ਰੋਟੀ ਦੀ, ਦਵਾਈਆਂ ਨਾਲ਼ ਬੁਝਦੀ,
ਨੀਤ ਮੇਰੀ ਜਾਵੇ ਸਦਾ, ਇਨ੍ਹਾਂ ਵਿੱਚ ਰੁਝਦੀ।
ਪੁੱਛ ਲੈ ਸਵਾਲ ਕੋਈ, ਹੋਰ ਜੇ ਤੂੰ ਪੁੱਛਣਾ,
ਨਹੀਂ ਤੇ ਮੈਂ ਨਹੀਂ ਹੁਣ, ਹੋਰ ਕੁੱਛ ਦੱਸਣਾ।
ਕਿੰਨਾ ਕੁ ਹੁਣ ਹੋਰ ਬੰਦਾ, ਦੁੱਖ ਰਹੇ ਫੋਲਦਾ,
ਇਸੇ ਗੱਲੋਂ ਕੋਈ ਕੋਈ,
ਮੇਰੇ ਨਾਲ ਨਹੀਂਉਂ ਬੋਲਦਾ।
ਕਰਾਂ ਮੈਂ ਇਹ ਬੰਦ ਹੁਣ,
ਦੁੱਖਾਂ ਦੀ ਪਟਾਰੀ ਸਾਰੀ,
ਇਸ ਤੋਂ ਕਿ ਪਹਿਲਾਂ ਤੇਰੀ,
ਮੱਤ ਜਾਵੇ ਹੋਰ ਮਾਰੀ।
ਜ਼ਿੰਦਗੀ ਹੈ ਹਾਲੇ ਬਾਕੀ, ਉਮੀਦ ਨਾਲ਼ ਜੀਵੰਦਾ ਹਾਂ,
ਦੁੱਖਾਂ ਦੇ ਪਿਆਲੇ ਨਿੱਤ, ਚੀਸ ਵੱਟ ਪੀਵੰਦਾ ਹਾਂ।

# ਹਕੀਕਤ

*-ਖ਼ਾਲਸਤਾਨ ਤੋਂ ਉਰੇ ਗੱਲ ਕਰਨ ਵਾਲੇ ਦਲਾਲਾਂ ਦੀ ਹੁਣ ਲੋੜ ਨਹੀਂ ਹੈ ਤੇ ਨਾਹੀ ਹੱਕ ਸੱਚ ਦੀ ਗੱਲ ਕਰਨ ਤੋਂ ਝਿਜਕਣ ਵਾਲੇ ਲੀਡਰਾਂ ਦੀ ਹੈ।

*-ਸਾਰੇ ਭਾਰਤ ਵਿਚ ਗੁਲਾਮੀ ਦਾ ਜੀਵਨ ਬਤੀਤ ਕਰਨ ਅਤੇ ਦੂਜੇ ਦਰਜੇ ਦੇ ਸ਼ਹਿਰੀ ਬਣਨ ਨਾਲੋਂ ਆਪਣੇ ਨਿਕੇ ਜਿਹੇ ਪੰਜਾਬ ਵਿਚ ਅਜ਼ਾਦੀ ਨਾਲ ਰਹਿਣਾ ਸੌ ਦਰਜੇ ਚੰਗਾ ਹੈ, ਜਿਥੇ ਅਸੀਂ ਆਪਣੀ ਕਿਸਮਤ ਦੇ ਆਪ ਘਾੜੇ ਹੋਵਾਂਗੇ।

*-ਆਪਣੇ ਕੌਮੀ ਘਰ ਖ਼ਾਲਸਤਾਨ ਤੋਂ ਉਰੇ ਗੱਲ ਕਰਨਾ, ਦਿੱਤੀਆਂ ਲੱਖਾਂ ਸ਼ਹਾਦਤਾਂ ਨਾਲ ਧ੍ਰੋਹ ਕਰਨ ਬਰਾਬਰ ਹੋਵੇਗਾ।

*-ਹਿੰਦੋਸਤਾਨੀ ਲੀਡਰਾਂ ਨੇ 1947 ਚ ਸਾਡੇ ਨਾਲ ਵਾਅਦੇ ਕਰਕੇ ਪੂਰੇ ਨਹੀਂ ਕੀਤੇ, ਇਸ ਲਈ ਸਿੱਖ ਕੌਮ ਆਪਣੀ ਸੁੰਤਤਰ ਹਸਤੀ ਨੂੰ ਮੁੜ ਬਹਾਲ ਕਰਨ ਦਾ ਪੂਰਾ ਹੱਕ ਰੱਖਦੀ ਹੈ।

*-ਸਿੱਖਾਂ ਦਾ ਮੱਕਾ ਵੀ ਪੰਜਾਬ ਵਿਚ ਹੈ ਤੇ ਮਦੀਨਾ ਵੀ ਪੰਜਾਬ ਵਿਚ। ਪੰਜਾਬ ਸਿੱਖਾਂ ਦਾ ਹੋਮਲੈਂਡ ਵੀ ਹੈ ਤੇ ਹੋਲੀਲੈਂਡ ਵੀ। ਜਦ ਤੱਕ ਇਕ ਵੀ ਸਿੱਖ ਜ਼ਿੰਦਾ ਹੈ ਉਦੋਂ ਤੱਕ ਪੰਜਾਬ ਨੂੰ ਸਿੱਖ ਕੌਮ ਤੋਂ ਵੱਖ ਨਹੀਂ ਕੀਤਾ ਜਾ ਸਕਦਾ।

*-ਦੋਸਤ ਸੱਚੇ ਹੋਣ ਤਾਂ ਤੁਸੀਂ ਦੁਸ਼ਮਣ ਸਾਹਮਣੇ ਛਾਤੀ ਤਾਣ ਕੇ ਖੜ੍ਹ ਸਕਦੇ ਹੋ! ਦੋਸਤ ਗਦਾਰ ਹੋਣ ਤਾਂ ਸਮਝੋ ਤੁਹਾਡੀ ਪਿੱਠ ਵੀ ਖਤਰੇ ਤੋਂ ਬਾਹਰ ਨਹੀਂ ਹੈ।

*-ਬਹਾਰ ਸਦਾ ਨਹੀਂ ਰਹਿੰਦੀ ਪਰ ਤੁਸੀਂ ਚਾਹੋ ਤਾਂ ਪਤਝੜ ਵਿੱਚ ਵੀ ਖਿੜ ਸਕਦੇ ਹੋ।

*-ਬੰਦੇ ਦੀ ਜ਼ਮੀਰ ਹੀ ਦਸਦੀ ਹੈ ਕਿ ਉਹ ਜ਼ਿੰਦਾ ਹੈ ਜਾਂ ਮੁਰਦਾ ਸਾਹਾਂ ਦਾ ਚੱਲਣਾ ਤਾਂ ਆਰਜੀ ਪ੍ਰਕਿਰਿਆ ਹੈ।

*-ਅੰਦਾਜੇ ਨਾਲ ਕਿਸੇ ਦੀ ਹਸਤੀ ਨਾ ਮਾਪੋ ਹੋ ਸਕਦਾ ਕਿਸੇ ਦਾ ਕਿਰਦਾਰ ਤੁਹਾਡੇ ਨਜ਼ਰੀਏ ਤੋਂ ਵੱਡਾ ਹੋਵੇ।

*-ਕਿਸੇ ਨੂੰ ਮੌਤ ਦਾ ਡਰ ਡਰਪੋਕ ਬਣਾ ਦਿੰਦਾ ਹੈ ਤੇ ਕੋਈ ਇਹੀ ਸੋਚ ਕੇ ਬ੍ਰੇਖੌਫ ਹੋ ਜਾਂਦਾ ਹੈ ਕਿ ਮਰ ਤਾਂ ਜਾਣਾ ਹੀ ਹੈ ਫਿਰ ਡਰ ਡਰ ਕਿਉਂ ਜਿਉਣਾ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
A Nonprofit Organization Dedicated to Public Awareness

LARRY T. NIERMEYER

Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER


GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
AIM FOR EXCELLENCE
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201

# ਪੜਨ ਅਤੇ ਸੁਣਨ ਵਾਲਿਆਂ ਦੀ ਰੂਹ ਦੀ ਖ਼ੁਰਾਕ ਅਤੇ ਲਫ਼ਜ਼ਾਂ ਦੇ ਬਾਦਸ਼ਾਹ ਪਦਮਸ਼੍ਰੀ "ਸੁਰਜੀਤ ਪਾਤਰ" ਨਹੀਂ ਰਹੇ




ਸੁਰਜੀਤ ਪਾਤਰ ਇੱਕ ਅਜਿਹੀ ਸ਼ਖਸੀਅਤ ਦੇ ਧਾਰਣੀ ਸਨ।ਜੋ ਹਰ ਦਰਦ, ਨਬਜ਼, ਦੁੱਖ, ਸੁੱਖ, ਅੰਦਰੂਨੀ ਤੇ ਬਾਹਰੀ ਤਬੀਅਤ ਨੂੰ ਲਫ਼ਜ਼ਾਂ ਨਾਲ ਬਿਆਨ ਕਰਦੇ ਸਨ।ਜਿਸ ਕਰਕੇ ਹਰ ਕੋਈ ਉਹਨਾਂ ਨੂੰ ਪਿਆਰ,ਸਤਿਕਾਰ ਤੇ ਅਦਬ ਨਾਲ ਸੰਬੋਧਨ ਕਰਦਾ ਤੇ ਉਹਨਾਂ ਦਾ ਲਾਹਾ ਲੈਦਾ।ਹਰ ਲੇਖਕ ਪਾਤਰ ਸਾਹਿਬ ਦਾ ਮੁਰੀਦ ਸੀ , ਤੇ ਹੁਣ ਵੀ ਹੈ।ਉਹਨਾ ਦੀ ਰੋਜ਼ਾਨਾ ਦੀ ਫੇਸ ਬੁੱਕ ਲਿਖਤ ਕਿਸੇ ਨਾ ਕਿਸੇ ਪਹਿਲੂ ਨੂੰ ਟੁੰਬਦੀ ਜ਼ਰੂਰ ਸੀ।

ਕੁਝ ਅਜਿਹਾ ਸੰਦੇਸ਼ ਦਿੰਦੀ ਜੋ ਨਿੱਤ ਜੀਵਨ ਨੂੰ ਸੰਵਾਰਨ ਤੇ ਸੰਭਾਲਣ ਤੋਂ ਇਲਾਵਾ ਸਿਖਿਅਤ ਕਰਨ ਦਾ ਸੁਨੇਹਾ ਵੀ ਦਿੰਦੀ ਰਹੀ ਹੈ।ਕਈ ਪੈਰੋਕਾਰਾਂ ਨੇ ਉਸ ਦੀਆਂ ਲਿਖਤਾ ਦਾ ਲਾਹਾ ਲਿਆ ਤੇ ਨਿੱਤ ਜੀਵਨ ਵਿੱਚ ਚੱਲਦੇ ਸਮਾਗਮਾਂ ਵਿੱਚ ਉਹਨਾ ਸਤਰਾਂ ਦਾ ਜ਼ਿਕਰ ਕੀਤਾ ਤੇ ਕਰਦੇ ਰਹਿਣਗੇ।ਪਾਤਰ ਸਾਹਿਬ ਪੰਜਾਬੀ ਬੋਲੀ ਨੂੰ ਹਾਰ ਪਾਉਂਦੇ,ਉਸ ਤੇ ਨਿਵੇਕਲਾ ਪਹਿਰਾ ਦਿੰਦੇ ਤੇ ਲਫ਼ਜ਼ਾਂ ਰਾਹੀ ਗੁੰਝਲਾ ਖੋਲਣ ਦਾ ਵੱਲ ਸਿਖਾਉਂਦੇ ਜਿਵੇਂ:

ਜੇ ਆਈ ਪੱਤਝੜ ਤਾਂ ਫੇਰ ਕੀ ਹੈ
ਤੂੰ ਅਗਲੀ ਰੁੱਤ ਚ" ਯਕੀਨ ਰੱਖੀਂ
ਮੈਂ ਲੱਭ ਕੇ ਕਿਤਿਓ
ਲਿਆਉਨਾ ਕਲਮਾਂ
ਤੂੰ ਫੁੱਲਾਂ ਜੋਗੀ ਜ਼ਮੀਨ ਰੱਖੀ।

ਪਾਤਰ ਸਾਹਿਬ ਦਾ ਸਫ਼ਰ ਨਿਵੇਕਲਾ ,ਜਦੋਜਹਿਦ ਵਾਲਾ ਤੇ ਕੁਝ ਕਰ ਗੁਜ਼ਰਨ ਵਾਲਾ ਰਿਹਾ ਹੈ।ਜਿਸ ਦਾ ਹਰ ਬਿਰਤਾਂਤ ਸਬਕ ਦੇਣ ਤੇ ਸਿਖਾਉਣ ਵਾਲਾ ਸੀ। ਕੋਈ ਪੱਖ ਲੈ ਲਵੋ ਜਾਂ ਛੇੜ ਲਵੋ ਉਸ ਨੂੰ ਸਮੇਟਣਾ ਆਮ ਸ਼ਖਸੀਅਤ ਦੇ ਵਸੋਂ ਬਾਹਰ ਸੀ। ਇਸੇ ਕਰਕੇ ਪਾਤਰ ਸਾਹਿਬ ਕਹਿੰਦੇ

ਝੂਠਿਆਂ ਦੇ ਝੁੰਡ ਵਿਚੋ ਸੱਚ ਕਹਿ ਕੇ
ਮੈਂ ਜਦੋ ਬਿਲਕੁਲ ਇਕੱਲਾ ਰਹਿ ਗਿਆ
ਸਤਿਗੁਰਾਂ ਨੂੰ ਯਾਦ ਕੀਤਾ ਤਾਂ
ਸਵਾ ਲੱਖ ਹੋ ਗਿਆ।

ਇਸ ਅਸਲੀਅਤ ਨੂੰ ਕੋਈ ਝੁਠਲਾ ਨਹੀਂ ਸਕਦਾ,ਭਾਵ ਦ੍ਰਿੜ ਇਰਾਦੇ ਦੇ ਮਾਲਕ ਹਮੇਸ਼ਾ ਹੀ ਨਿਵੇਕਲੀ ਗੱਲ ਕਹਿ ਜਾਂਦੇ । ਜਿਸ ਦਾ ਉਲੱਥਾ ਕਰਦੇ ਕਰਦੇ ਥੀਸਜ ਲਿਖਣ ਦੀ ਝਿਣਗ ਲਾ ਜਾਂਦੇ।

ਅਜਿਹੀ ਤਬੀਅਤ ਤੇ ਲਫ਼ਜ਼ਾਂ ਦੇ ਬਾਦਸ਼ਾਹ ਦਾ ਖਿਤਾਬ ਹਾਸਲ ਕਰਨ ਵਾਲੇ ਪਾਤਰ ਸਾਹਿਬ ਭਾਵੇਂ ਚਲੇ ਗਏ ਹਨ। ਪਰ ਸਦੀਵੀ ਸਾਂਝ ਉਹਨਾਂ ਦੀਆਂ ਲਿਖਤਾਂ ਦੀ, ਸਦਾ ਜੀਉਦੇ ਰਹਿਣ ਤੇ ਅਮਰ ਵੇਲ ਵਾਂਗ ਨਜ਼ਰ ਆਉਂਦੇ ਰਹਿਣਗੇ।

ਦੁਨੀਆ ਨੇ ਵੱਸਦੀ ਰਹਿਣਾ ਤੇ ਸਾਡੇ ਬਗੈਰ ਵੀ
ਤੂੰ ਐਵੇਂ ਤਪਿਆ, ਤੜਪਿਆ ਤੇ ਉਲਝਿਆ ਨਾ ਕਰ।

ਉਹਨਾਂ ਦੀ ਹਰ ਲਿਖਤ ਭਾਵੁਕ ਤੇ ਸਿੱਖਿਆ ਦੀ ਧਾਰਣੀ ਰਹੀ ਜਿਵੇ:

ਉਦਾਸ ਹੋਵੀ ਨਿਰਾਸ਼ ਹੋਵੀ
ਜਾਂ ਦਿਲ ਚ ਕੋਈ ਮਲਾਲ ਰੱਖੀ
ਪਰ ਇਹ ਵੀ ਹੈ ਇੱਕ ਪੜਾਅ
ਸਫ਼ਰ ਦਾ
ਤੂੰ ਇਸ ਗੱਲ ਦਾ ਖਿਆਲ ਰੱਖੀਂ।

ਪੰਜਾਬੀ ਵਿਰਸੇ ਦੀ ਇੱਕ ਸਦੀ ਦਾ ਅੰਤ ਤੇ ਨਹੀ ਕਿਹਾ ਜਾ ਸਕਦਾ ਕਿਉਂਕਿ ਪਾਤਰ ਦੀਆਂ ਲਿਖਤਾਂ ਜੀਊਦੀਆ ਹਨ। ਜੋ ਵਿਰਸੇ ਦੀ ਮਜ਼ਬੂਤੀ ਲਈ ਅਹਿਮ ਰੋਲ ਅਦਾ ਕਰਨਗੀਆਂ।

ਸੁੰਨੇ ਸੁੰਨੇ ਰਾਹਾਂ ਵਿੱਚ ਕੋਈ ਪੈੜ ਏ
ਦਿਲ ਹੀ ਉਦਾਸ ਹੈ ਜੀ ਬਾਕੀ ਸਭ ਖੈਰ ਏ।

ਪੰਜਾਬੀ ਸਾਹਿਤ ਦਾ ਬਾਬਾ ਬੋਹੜ ,ਲਫ਼ਜ਼ਾਂ ਦਾ ਬਾਦਸ਼ਾਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਅਪਨੀਆਂ ਲਿਖਤਾਂ ਨੂੰ ਅਪਨੇ ਨਾਲ ਹੀ ਅਮਰ ਕਰ ਗਿਆ।ਅਸੀ ਵਿਦੇਸ਼ੀ ਡਾਇਸਪੌਰਾ ਸਦਾ ਲਿਖਤਾ ਦਾ ਨਿੱਘ ਮਾਣਦੇ ,ਯਾਦ ਕਰਦੇ ਰਹਾਂਗੇ। ਕਿ ਸਾਡਾ ਸੁਰਜੀਤ ਪਾਤਰ ਅਜੇ ਜੀਊਦਾ ਹੈ। ਸਾਡੇ ਤੋਂ ਦੂਰ ਨਹੀਂ।

ਅਸੀ ਦੀਵੇ ਵਾਂਗ ਬੁਝਣਾ
ਅਸੀ ਤਾਰੇ ਵਾਂਗ ਰਹਿਣਾ।

**ਡਾ.ਸੁਰਿੰਦਰ ਗਿੱਲ**

SUNSHINE AUTO CARE INC.
WE REPAIR ALL MAKES & MODELS. AUTO, DIESEL TRUCK & TRAILERS
- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS
hablamos español
We Speak English, Spanish & Punjabi
We Provide Towing & 24/7 Mobile Road Services For All Autos, Trucks & Trailers
Open Monday to Saturday
Com-Check T-Check EFS Check
ACCEPTED HERE VISA MasterCard AMERICAN EXPRESS DISCOVER NETWORK

1003 Moffat Blvd, Manteca CA 95336
209-239-1551

ARES
LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

**ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ**

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

## TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

**ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ**

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**




SONNY
DHALIWAL
for SUPERVISOR
EXPERIENCED LEADERSHIP YOU CAN TRUST
Paid for by Sonny Dhaliwal for County Supervisor 2024 FPPC#1459023


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**


Cholestrol Test


Heart Health


Thyroid Test


Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**

**(209) 629-8282 | (209) 505-6384**

**Address : 119. Maple AVe, Suite A Manteca, CA 95336**


ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ ਪ੍ਰੇਮੀ -ਪ੍ਰੇਮਿਕਾ ਇੱਕ ਵਾਰ ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ ਸਮੱਸਿਆਂਵਾਂ ਦਾ ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ

Gillson
TRUCKING INC



# NOW Hiring
# Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: **$0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com




SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260